




ਰੋਜ਼ਾਨਾ ਸੱਚ ਤੇ ਨਿਡਰ ਆਵਾਜ਼

# ਲੋਕ ਬਾਣੀ

Email : lokbani08@gmail.com ਸ਼ੁੱਕਰਵਾਰ 03 ਨਵੰਬਰ 2023 ਮੁੱਖ ਸੰਪਾਦਕ - ਅਮਨ ਮਹਿਰਾ (ਜਲੰਧਰ)

स्वतंत्र संपादक पत्रकार संघ ऑफ भारत

R.N.I.Punpun/29016/2008 * ਸਾਲ 15 * ਅੰਕ : 235 * ਮੁੱਲ ; 5.00 ਰੁਪਏ * ਕੁੱਲ ਪੇਜ 10 * ਦਫਤਰ : 0181-2211009 * : M 99155-94111



ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ



ਕੈਨੇਡਾ

ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ

3822 ਵੀਜ਼ਾ
1 ਜਨਵਰੀ 2023 ਤੋਂ
6 ਅਕਤੂਬਰ 2023 ਤੱਕ ਲੱਗੇ

easyvisa | CALL 87250 17772


## ਗਾਜ਼ਾ ਸ਼ਹਿਰ ਨੂੰ ਇਜ਼ਰਾਈਲ ਬਲਾ ਨੇ ਘੇਰਿਆ ਹੋਇਆ ਹੈ-ਆਈਡੀਐਫ ਮੁਖੀ

ਲੋਕ ਬਾਣੀ/ ਤਲ ਅਵੀਵ, 2 ਨਵੰਬਰ (ਏਐਨਆਈ)

– ਇਜ਼ਰਾਈਲ ਡਿਫੈਂਸ ਫੋਰਸ (ਆਈਡੀਐਫ) ਦੇ ਚੀਫ਼ ਆਫ਼ ਸਟਾਫ਼ ਲੈਫਟੀਨੈਂਟ ਜਨਰਲ ਹਰਜ਼ੀ ਹੈਲੇਵੀ ਨੇ ਕਿਹਾ ਕਿ ਫੌਜੀ ਗਾਜ਼ਾ ਸ਼ਹਿਰ ਦੇ ਅੰਦਰ ਕੰਮ ਕਰ ਰਹੇ ਹਨ ਅਤੇ ਕਈ ਦਿਸ਼ਾਵਾਂ ਤੋਂ ਇਸ ਨੂੰ ਘੇਰ ਰਹੇ ਹਨ । ਅਸੀਂ ਜੰਗ ਵਿੱਚ ਇੱਕ ਹੋਰ ਮਹੱਤਵਪੂਰਨ ਪੜਾਅ ਨੂੰ ਅੱਗੇ ਵਧਾਇਆ ਹੈ ।

## ਦੇਸ਼ ਦੀ ਰਾਜਧਾਨੀ ਵਿੱਚ ਪਰਾਲੀ ਦੇ ਧੂੰਏ ਕਾਰਨ ਹਵਾ ਪ੍ਰਭਾਵਿਤ ਹੋਈ

ਲੋਕ ਬਾਣੀ/ ਨਵੀਂ ਦਿੱਲੀ, 2 ਨਵੰਬਰ

ਦਿੱਲੀ 'ਚ ਹਵਾ ਪਦੂਸ਼ਣ 'ਚ ਲਗਾਤਾਰ ਹੋ ਰਹੇ ਵਾਧੇ ਕਾਰਨ ਸਰਕਾਰੀ ਅਤੇ ਪ੍ਰਾਈਵੇਟ ਪ੍ਰਾਇਮਰੀ ਸਕੂਲ ਦੋ ਦਿਨਾਂ ਲਈ ਬੰਦ ਕਰ ਦਿੱਤੇ ਗਏ ਹਨ। ਇਹ ਐਲਾਨ ਅੱਜ ਇਥੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਕੀਤਾ। ਮੌਸਮ ਵਿਭਾਗ ਦੇ ਮਾਹਿਰਾਂ ਅਨੁਸਾਰ ਅਗਲੇ ਦਿਨਾਂ 'ਚ ਪ੍ਰਦੂਸ਼ਣ ਹੋਰ ਵਧਣ ਦੀ ਸੰਭਾਵਨਾ ਹੈ। ਇਸ ਦੇ ਨਾਲ ਹੀ ਸਰਕਾਰ ਨੇ ਐਨਸੀਆਰ ਵਿੱਚ ਗੈਰ ਜ਼ਰੂਰੀ ਨਿਰਮਾਣ ਕਾਰਜਾਂ 'ਤੇ ਰੋਕ ਲਗਾ ਦਿੱਤੀ ਹੈ।



## ਪੰਜਾਬ ਵਿੱਚ ਫੇਰ ਚੱਲੀਆਂ ਗੋਲੀਆਂ

ਲੋਕ ਬਾਣੀ/ ਬਠਿੰਡਾ, 2 ਨਵੰਬਰ

– ਅੱਜ ਰਾਤੀਂ 9 ਵਜੇ ਬਠਿੰਡਾ ਦੀ ਮਾਲ ਰੋਡ ਤੇ ਬਾਹੀਆ ਫੋਰਟ ਹੋਟਲ ਵਾਲੀ ਗਲੀ ਇਕ ਗੱਡੀ ਸਵਾਰਾਂ ਨੇ ਗਲੀ ਵਿਚ ਖੜੇ ਦੋ ਵਿਅਕਤੀ ਦੇ ਗੋਲੀਆਂ ਮਾਰ ਦਿੱਤੀਆਂ ।

## ਸ੍ਰੀਲੰਕਾ ਨੂੰ ਭਾਰਤ ਨੇ 302 ਦੌੜਾਂ ਨਾਲ ਹਰਾਇਆ

ਲੋਕ ਬਾਣੀ/ ਮੁੰਬਈ, 2 ਨਵੰਬਰ



ਭਾਰਤ ਨੇ ਅੱਜ ਇਥੇ ਇਕ ਦਿਨਾਂ ਵਿਸ਼ਵ ਕੱਪ ਕ੍ਰਿਕਟ ਵਿੱਚ ਸ੍ਰੀਲੰਕਾ ਨੂੰ 302 ਦੌੜਾਂ ਨਾਲ ਹਰਾ ਦਿੱਤਾ ਹੈ। ਵਿਸ਼ਵ ਕੱਪ 'ਚ ਭਾਰਤ ਦੀ ਇਹ ਲਗਾਤਾਰ ਸੱਤਵੀਂ ਜਿੱਤ ਹੈ। ਇਸ ਜਿੱਤ ਦੇ ਨਾਲ ਹੀ ਭਾਰਤੀ ਟੀਮ ਸੈਮੀਫਾਈਨਲ 'ਚ ਪਹੁੰਚ ਗਈ ਹੈ। ਇਸ ਤੋਂ ਪਹਿਲਾਂ ਭਾਰਤ ਨੇ ਪਹਿਲਾਂ ਬੱਲੇਬਾਜ਼ੀ ਕਰਦਿਆਂ ਸ਼ੁਭਮਨ ਗਿੱਲ ਦੀਆਂ 92, ਵਿਰਾਟ ਕੋਹਲੀ ਦੀਆਂ 88 ਤੇ ਐੱਸ. ਅਈਅਰ ਦੀਆਂ 82 ਦੌੜਾਂ ਨਾਲ ਸ੍ਰੀਲੰਕਾ ਖ਼ਿਲਾਫ਼ 50 ਓਵਰਾਂ ਵਿੱਚ 8 ਵਿਕਟਾਂ 'ਤੇ 357 ਦੌੜਾਂ ਬਣਾਈਆਂ ।

## ਆਮ ਚੋਣਾਂ ਪਾਕਿਸਤਾਨ ਵਿੱਚ ਫਰਵਰੀ ਮਹੀਨੇ ਵਿੱਚ ਹੋਣਗੀਆਂ

ਲੋਕ ਬਾਣੀ/ ਇਸਲਾਮਾਬਾਦ, 2 ਨਵੰਬਰ

ਪਾਕਿਸਤਾਨ ਦੇ ਚੋਣ ਕਮਿਸ਼ਨ ਨੇ ਸੁਪਰੀਮ ਕੋਰਟ 'ਚ ਦੱਸਿਆ ਹੈ ਕਿ ਦੇਸ਼ 'ਚ 11 ਫਰਵਰੀ ਨੂੰ ਆਮ ਚੋਣਾਂ ਕਰਵਾਈਆਂ ਜਾਣਗੀਆਂ।

## ਫਗਵਾੜਾ ਸ਼ੂਗਰ ਮਿੱਲ ਸਰਕਾਰ ਨੇ ਸੌਂਪੀ ਰਾਣਾ ਗਰੁੱਪ ਨੂੰ

ਲੋਕ ਬਾਣੀ/ ਫਗਵਾੜਾ, ਬੀ.ਡੀ ਸ਼ਰਮਾ

ਕਿਸਾਨਾਂ ਦੀ ਬਕਾਇਆ ਰਾਸ਼ੀ ਨੂੰ ਲੈ ਕੇ ਪੰਜਾਬ ਸਰਕਾਰ ਵਲੋਂ ਕਰੀਬ ਇਕ ਮਹੀਨਾ ਪਹਿਲਾਂ ਸੀਲ ਕੀਤੀ ਮਿੱਲ ਦੀ ਕਮਾਨ ਆਖ਼ਰਕਾਰ ਅੱਜ ਰਾਣਾ ਗਰੁੱਪ ਨੂੰ ਸੌਂਪਣ ਦਾ ਫ਼ੈਸਲਾ ਸਰਕਾਰ ਵਲੋਂ ਕਰ ਦਿੱਤਾ ਗਿਆ ਹੈ ਤੇ ਸੀਲ ਹੋਈ ਮਿੱਲ ਦੀਆਂ ਸੀਲਾਂ ਨੂੰ ਕੱਲ੍ਹ ਪ੍ਰਸ਼ਾਸਨ ਵਲੋਂ ਖੋਲ੍ਹ ਕੇ ਰਿਪੇਅਰ ਦਾ ਕੰਮ ਚਾਲੂ ਹੋ ਕੇ ਮਿੱਲ ਆਉਂਦੇ ਸੀਜਨ ਲਈ ਤਿਆਰ ਹੋਵੇਗੀ।

कबीरा जब हम आए जगत में, जग हंसा हम रोए।
ऐसी करनी कर चले, हम हंसे जग रोए॥

### रस्म किरया



आपको बड़े दुःखी हृदय से सूचित किया जाता है कि मेरे आदरणीय पिता जी

**श्री ओम प्रकाश शर्मा**

(सुपुत्र स्व. श्री जगन्नाथ)

दिनांक 25.अक्तूबर 2023 बुधवार को सांसरिक यात्रा पूरी कर प्रभु चरणों में विलीन हो गये है । उनकी आत्मा की शान्ति के लिये रस्म किरया दिनांक 03 नवम्बर 2023 दिन शुक्रवार को दोपहर 1 से 2 बजे तक श्री बाबा लाल द्वार मंदिर, दिलबाग नगर, बस्ती गुजां, जालन्धर में संपन्न होगी ।

शोकग्रस्त :
सुदेश कुमार शर्मा (पुत्र) पत्रकार
H.No. 75-B, Shastri Nagar, Basti Guzan, Jalandhar.
समस्त शर्मा परिवार एवं रिश्तेदार
मोब. 9803456456


ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 99155-94111

DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS JALANDHAR CITY
www.dipsimt@gmail.com ( dipsimt@gmail.com )
CONTACT : 95010-00697, 97806-00998

Website : www.lokbani.com
lokbani08@gmail.com

# ਪੰਜਾਬ ‘ਚ 25 ਕਰੋੜ ਦਾ GST ਘੁਟਾਲਾ ! ਵਿਜੀਲੈਂਸ ਵੱਲੋਂ ਸੈਮੀ ਗ੍ਰਿਫਤਾਰ

ਲੋਕ ਬਾਣੀ/ ਚੰਡੀਗੜ੍ਹ, 2 ਨਵੰਬਰ

ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਅੱਜ ਜਾਅਲੀ ਫਰਮਾਂ ਦੇ ਜਾਅਲੀ ਬਿੱਲਾਂ ਰਾਹੀਂ ਸਰਕਾਰ ਨੂੰ ਕਰੀਬ 25 ਕਰੋੜ ਰੁਪਏ ਦੇ ਜੀ.ਐਸ.ਟੀ ਦਾ ਵਿੱਤੀ ਨੁਕਸਾਨ ਪਹੁੰਚਾਉਣ ਦੇ ਦੋਸ਼ੀ ਸੈਮੀ ਧੀਮਾਨ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਜੋ ਪੰਜ ਸਾਲ ਤੋਂ ਆਪਣੀ ਗ੍ਰਿਫਤਾਰੀ ਤੋਂ ਡਰਦਾ ਹੋਇਆ ਫਰਾਰ ਸੀ।

ਇਸ ਬਾਰੇ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਸ ਬਾਰੇ ਮੁਕੱਦਮਾ ਨੰਬਰ 106 ਮਿਤੀ 05.07.2018 ਨੂੰ ਆਈ.ਪੀ.ਸੀ. ਦੀ ਧਾਰਾ 420, 120-ਬੀ ਅਤੇ ਜੀ.ਐਸ.ਟੀ ਐਕਟ 2017 ਦੀ ਧਾਰਾ 132(1) ਤਹਿਤ ਥਾਣਾ ਮੰਡੀ ਗੋਬਿੰਦਗੜ੍ਹ, ਜਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ ਦਰਜ ਕੀਤਾ ਹੋਇਆ ਹੈ, ਜਿਸ ਦੀ ਹੁਣ ਪੜਤਾਲ ਵਿਜੀਲੈਂਸ ਬਿਊਰੋ ਦੇ ਉੱਡਣ ਦਸਤਾ-1, ਪੰਜਾਬ ਮੁਹਾਲੀ ਹਵਾਲੇ ਹੈ। ਉਨਾਂ ਦੱਸਿਆ ਕਿ ਉਕਤ ਮੁਕੱਦਮੇ ਦੇ ਦੋਸ਼ੀ ਸੈਮੀ ਧੀਮਾਨ ਵਾਸੀ ਮੰਡੀ ਗੋਬਿੰਦਗੜ੍ਹ ਅਤੇ ਹੋਰ ਦੋਸ਼ੀਆਂ ਵੱਲੋਂ ਆਪਸੀ ਮਿਲੀਭੁਗਤ ਕਰਕੇ ਜਾਅਲੀ ਫਰਮਾਂ ਤੇ ਜਾਅਲੀ ਬਿੱਲ ਤਿਆਰ ਕਰਕੇ ਅਤੇ ਅੱਗੇ ਇਹ ਜਾਅਲੀ ਬਿੱਲ ਮੰਡੀ ਗੋਬਿੰਦਗੜ੍ਹ ਅਤੇ ਲੁਧਿਆਣਾ ਦੀਆਂ ਫਰਮਾਂ ਨੂੰ ਵੇਚ ਕੇ ਜੀ.ਐਸ.ਟੀ ਚੋਰੀ ਕੀਤਾ ਜਾਂਦਾ ਸੀ।

ਇਸ ਤਰਾਂ ਦੋਸ਼ੀਆਂ ਨੇ ਸਰਕਾਰ ਨੂੰ ਕਰੀਬ 25 ਕਰੋੜ ਰੁਪਏ ਦਾ ਵਿੱਤੀ ਨੁਕਸਾਨ ਪਹੁੰਚਾਇਆ ਹੈ। ਉਕਤ ਦੋਸ਼ੀ ਸੈਮੀ ਧੀਮਾਨ ਕਾਫੀ ਲੰਮੇ ਸਮੇਂ ਤੋਂ ਆਪਣੀ ਗ੍ਰਿਫਤਾਰੀ ਤੋਂ ਡਰਦਾ ਹੋਇਆ ਫਰਾਰ ਸੀ, ਜਿਸਨੂੰ ਇੰਸਪੈਕਟਰ ਸੁਖਜਿੰਦਰ ਸਿੰਘ ਵਿਜੀਲੈਂਸ ਬਿਊਰੋ, ਉੱਡਣ ਦਸਤਾ-1, ਪੰਜਾਬ, ਮੋਹਾਲੀ ਵੱਲੋਂ ਰੇਡ ਕਰਕੇ ਗ੍ਰਿਫਤਾਰ ਕੀਤਾ ਗਿਆ ਹੈ। ਦੋਸ਼ੀ ਸੈਮੀ ਧੀਮਾਨ ਨੂੰ ਅਦਾਲਤ ਵਿੱਚ ਪੇਸ਼ ਕਰਕੇ ਦੋ ਦਿਨ ਦਾ ਰਿਮਾਂਡ ਪੁਲਿਸ ਹਾਸਿਲ ਕੀਤਾ ਗਿਆ। ਇਸ ਮੁਕੱਦਮਾ ਦੇ ਬਾਕੀ ਭਗੌੜੇ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਲਈ ਭਾਲ ਕੀਤੀ ਜਾ ਰਹੀ ਹੈ।

# ਭਾਜਪਾ ਦਾ ਸਿੱਖ ਵਿਰੋਧੀ ਚੇਹਰਾ ਨੰਗਾ ! ਗੁਰਦੁਆਰਿਆਂ ਨੂੰ ਉਖਾੜਨ ਦੀ ਕਹੀ ਜਾ ਰਹੀ ਗੱਲ

ਲੋਕ ਬਾਣੀ/ ਅੰਮ੍ਰਿਤਸਰ, 2 ਨਵੰਬਰ



ਰਾਜਸਥਾਨ ਦੇ ਤਿਜਾਰਾ ਵਿਖੇ ਭਾਜਪਾ ਦੀ ਰੈਲੀ ਸਮੇਂ ਸਰਕਾਰ ਆਉਣ ‘ਤੇ ਗੁਰਦੁਆਰਾ ਸਾਹਿਬਾਨ ਨੂੰ ‘ਉਖਾੜਨ’ ਬਾਰੇ ਕਹੀ ਗੱਲ ਦਾ ਨੋਟਿਸ ਲੈਂਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਧਾਮੀ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਤੋਂ ਵਰੋਸਾਏ ਸਰਬੱਤ ਦੇ ਭਲੇ ਦੇ ਸਿਧਾਂਤ ਨੂੰ ਪ੍ਰਫੁੱਲਤ ਕਰਨ ਲਈ ਗੁਰਦੁਆਰਾ ਸਾਹਿਬਾਨ ਅੱਜ ਪੂਰੀ ਦੁਨੀਆਂ ਵਿਚ ਸਥਾਪਤ ਹਨ। ਉਨ੍ਹਾਂ ਕਿਹਾ ਕਿ ਗੁਰੂ ਘਰਾਂ ਨੇ ਹਮੇਸ਼ਾ ਹੀ ਦੁਖੀਆਂ ਅਤੇ ਲੋੜਵੰਦਾਂ ਦੀ ਮੱਦਦ ਕੀਤੀ ਹੈ। ਜਦੋਂ ਵੀ ਦੇਸ਼ ਵਿਦੇਸ਼ ਵਿਚ ਕੋਈ ਬਿਪਤਾ ਸਾਹਮਣੇ ਆਉਂਦੀ ਹੈ ਤਾਂ ਗੁਰਦੁਆਰਾ ਸਾਹਿਬਾਨ ਤੇ ਸਿੱਖ ਸੰਸਥਾਵਾਂ ਨੇ ਹਮੇਸ਼ਾ ਮੋਹਰੀ ਹੋ ਕੇ ਮਾਨਵਤਾ ਦੀ ਬਿਨਾਂ ਕਿਸੇ ਵਿਤਕਰੇ ਤੋਂ ਨਿਸ਼ਕਾਮ ਸੇਵਾ ਕੀਤੀ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਰੈਲੀ ਦੌਰਾਨ ਗੁਰਦੁਆਰਾ ਸਾਹਿਬਾਨ ਬਾਰੇ ਨਫ਼ਰਤੀ ਬਿਆਨ ਭਾਜਪਾ ਆਗੂਆਂ ਦੀ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਪਵਿੱਤਰ ਸੋਚ ਨੂੰ ਢਾਹ ਲਾਉਣ ਦੀ ਸਾਜ਼ਿਸ਼ ਹੈ, ਜੋ ਪੁਰਾਤਨ ਸਮੇਂ ਵੀ ਚੱਲਦੀ ਰਹੀ ਹੈ। ਉਨ੍ਹਾਂ ਕਿਹਾ ਕਿ ਹੁਣ ਫਿਰ ਤੋਂ ਇਹ ਪ੍ਰਵਿਰਤੀ ਦੇਸ਼ ਅੰਦਰ ਜਾਣਬੁਝ ਕੇ ਪੈਦਾ ਕੀਤੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਦੇਸ਼ ਅਤੇ ਸਮਾਜ ਨੂੰ ਜਿਸ ਸੰਕੀਰਨ ਸੋਚ ਵਿਚੋਂ ਬਾਹਰ ਕੱਢ ਕੇ ਸਰਬੱਤ ਦੇ ਭਲੇ ਦਾ ਸੁਨੇਹਾ ਦਿੱਤਾ ਸੀ, ਅੱਜ ਉਸੇ ਸੋਚ ਵੱਲ ਭਾਜਪਾ ਆਗੂ ਮੁੜ ਵੱਧ ਰਹੇ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰਦੁਆਰਾ ਸਾਹਿਬਾਨ ਦੇ ਦਰਵਾਜ਼ੇ ਹਮੇਸ਼ਾ ਹੀ ਸਭਨਾ ਲਈ ਖੁੱਲ੍ਹੇ ਹਨ ਅਤੇ ਭਾਜਪਾ ਆਗੂਆਂ ਦੀ ਅਜਿਹੀ ਛੋਟੀ ਸੋਚ ਵਾਲੀ ਸਾਜ਼ਿਸ਼ ਕਦੇ ਵੀ ਕਾਮਯਾਬ ਨਹੀਂ ਹੋ ਸਕਦੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਭਾਜਪਾ ਦੀ ਇਸ ਰੈਲੀ ਸਮੇਂ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਸ੍ਰੀ ਯੋਗੀ ਆਦਿਤਿਆਨਾਥ ਵੀ ਸਟੇਜ ’ਤੇ ਮੌਜੂਦ ਸਨ, ਜਿਨ੍ਹਾਂ ਦੀ ਇਹ ਜ਼ੁੰਮੇਵਾਰੀ ਬਣਦੀ ਸੀ ਕਿ ਅਜਿਹੇ ਨਫ਼ਰਤੀ ਬਿਆਨ ਦਾ ਉਹ ਉਸੇ ਸਮੇਂ ਵਿਰੋਧ ਕਰਦੇ।

# ਸੋਨਾ ਹੋਇਆ ਸਸਤਾ, ਚਾਂਦੀ ਦੇ ਭਾਅ ਵੀ ਡਿੱਗੇ

ਲੋਕ ਬਾਣੀ/ ਦਿੱਲੀ, 2 ਨਵੰਬਰ-

ਜੇਕਰ ਤੁਸੀਂ ਵੀ ਸੋਨੇ ਦੇ ਗਹਿਣੇ ਗਿਫਟ ਕਰਨ ਬਾਰੇ ਸੋਚ ਰਹੇ ਹੋ ਤਾਂ ਤੁਹਾਡੇ ਲਈ ਖ਼ੁਸ਼ਖਬਰੀ ਹੈ। ਅੱਜ ਵਾਇਦਾ ਬਾਜ਼ਾਰ ‘ਚ ਸੋਨਾ ਅਤੇ ਚਾਂਦੀ ਦੋਵੇਂ ਗਿਰਾਵਟ ਨਾਲ ਕਾਰੋਬਾਰ ਕਰ ਰਹੇ ਹਨ। ਬਾਜ਼ਾਰ ਖੁੱਲ੍ਹਣ ਦੇ ਨਾਲ ਹੀ ਸੋਨਾ ਸ਼ੁਰੂਆਤੀ ਤੌਰ ‘ਤੇ 60,820 ਰੁਪਏ ਪ੍ਰਤੀ 10 ਗ੍ਰਾਮ ਦੇ ਪੱਧਰ ‘ਤੇ ਖੁੱਲ੍ਹਿਆ। ਇਸ ਤੋਂ ਬਾਅਦ ਇਸ ਦੀ ਕੀਮਤ ‘ਚ ਹੋਰ ਗਿਰਾਵਟ ਦੇਖਣ ਨੂੰ ਮਿਲੀ ਹੈ ਅਤੇ ਇਹ ਕੱਲ੍ਹ ਦੇ ਮੁਕਾਬਲੇ 201 ਰੁਪਏ ਯਾਨੀ 0.33 ਫੀਸਦੀ ਸਸਤਾ ਹੋ ਕੇ 60,739 ਰੁਪਏ ਦੇ ਪੱਧਰ ‘ਤੇ ਬਣਿਆ ਹੋਇਆ ਹੈ।



ਚਾਂਦੀ ਖਰੀਦਣ ਵਾਲਿਆਂ ਲਈ ਖੁਸ਼ਖਬਰੀ- ਸੋਨੇ ਤੋਂ ਇਲਾਵਾ ਚਾਂਦੀ ਵੀ ਗਿਰਾਵਟ ਨਾਲ ਕਾਰੋਬਾਰ ਕਰ ਰਹੀ ਹੈ। ਬਾਜ਼ਾਰ ਖੁੱਲ੍ਹਣ ਦੇ ਨਾਲ ਹੀ ਚਾਂਦੀ 71,325 ਰੁਪਏ ਪ੍ਰਤੀ ਕਿਲੋਗ੍ਰਾਮ ‘ਤੇ ਰਹੀ। ਇਸ ਤੋਂ ਬਾਅਦ ਇਸ ਦੀ ਕੀਮਤ ‘ਚ ਹੋਰ ਕਮੀ ਦੇਖਣ ਨੂੰ ਮਿਲੀ ਹੈ।

ਕੱਲ੍ਹ ਦੇ ਮੁਕਾਬਲੇ ਇਹ 569 ਰੁਪਏ ਜਾਂ 0.79 ਫੀਸਦੀ ਸਸਤਾ ਹੋ ਕੇ 71,100 ਰੁਪਏ ‘ਤੇ ਆ ਗਿਆ ਹੈ। ਕੱਲ੍ਹ ਵਾਇਦਾ ਬਾਜ਼ਾਰ ‘ਚ ਚਾਂਦੀ 71,669 ਰੁਪਏ ਪ੍ਰਤੀ ਕਿਲੋਗ੍ਰਾਮ ‘ਤੇ ਬੰਦ ਹੋਈ ਸੀ।

# ਪੰਜਾਬ ਦੇ ਸੀਨੀਅਰ IPS ਅਫ਼ਸਰ ਨੂੰ ਸਰਕਾਰ ਨੇ ਕੀਤਾ ਸਸਪੈਂਡ

ਲੋਕ ਬਾਣੀ/ ਚੰਡੀਗੜ੍ਹ, 2 ਨਵੰਬਰ

ਪੰਜਾਬ ਪੁਲਿਸ ਦੇ ਵਧੀਕ ਇੰਸਪੈਕਟਰ ਜਨਰਲ ਆਫ਼ ਪੁਲਿਸ (ਏਆਈਜੀ) ਮਨੁੱਖੀ ਅਧਿਕਾਰ ਮਾਲਵਿੰਦਰ ਸਿੰਘ ਸਿੱਧੂ ਨੂੰ ਸਰਕਾਰ ਨੇ ਮੁਅੱਤਲ ਕਰ ਦਿੱਤਾ ਗਿਆ। ਮੀਡੀਆ ਰਿਪੋਰਟਾਂ ਮੁਤਾਬਿਕ, ਸਰਕਾਰ ਨੇ ਇਸ ਸਬੰਧੀ ਹੁਕਮ ਜਾਰੀ ਕਰ ਦਿੱਤੇ ਹਨ। ਕੁਝ ਦਿਨ ਪਹਿਲਾਂ ਉਸ ਵਿਰੁੱਧ ਵਿਜੀਲੈਂਸ ਹੈੱਡਕੁਆਰਟਰ ਵਿਖੇ ਅਧਿਕਾਰੀਆਂ ਨਾਲ ਦੁਰਵਿਵਹਾਰ ਅਤੇ ਧੱਕਾ ਕਰਨ ਦਾ ਮਾਮਲਾ ਦਰਜ ਕੀਤਾ ਗਿਆ ਸੀ। ਇਸ ਤੋਂ ਬਾਅਦ ਮੁਹਾਲੀ ਦੇ ਫੇਜ਼-8 ਥਾਣੇ ਦੀ ਪੁਲੀਸ ਨੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ। ਵਿਜੀਲੈਂਸ ਬਿਊਰੋ ਲੰਬੇ ਸਮੇਂ ਤੋਂ ਏਆਈਜੀ ਮਾਲਵਿੰਦਰ ਸਿੰਘ ਵਿਰੁੱਧ ਆਮਦਨ ਤੋਂ ਵੱਧ ਜਾਇਦਾਦ ਅਤੇ ਫਿਰੌਤੀ ਨਾਲ ਸਬੰਧਤ ਸ਼ਿਕਾਇਤਾਂ ਦੀ ਜਾਂਚ ਕਰ ਰਿਹਾ ਸੀ। ਬੀਤੇ ਬੁੱਧਵਾਰ ਨੂੰ ਵਿਜੀਲੈਂਸ ਨੇ ਉਸ ਨੂੰ ਪੁੱਛਗਿੱਛ ਲਈ ਬੁਲਾਇਆ ਸੀ। ਜਦੋਂ ਏਆਈਜੀ ਵਿਜੀਲੈਂਸ ਹੈੱਡਕੁਆਰਟਰ ਪੁੱਜੇ ਤਾਂ ਉਥੇ ਤਾਇਨਾਤ ਅਧਿਕਾਰੀਆਂ ਨੇ ਕਿਹਾ ਕਿ ਉਹ ਪੁੱਛ-ਪੜਤਾਲ ਦੌਰਾਨ ਫ਼ੋਨ ਆਪਣੇ ਨਾਲ ਨਹੀਂ ਲੈ ਸਕਦਾ। ਹਾਲਾਂਕਿ ਉਸ ਕੋਲ ਦੋ ਫੋਨ ਸਨ। ਇਹ ਸੁਣ ਕੇ ਏਆਈਜੀ ਉਨ੍ਹਾਂ ਅਫ਼ਸਰਾਂ ’ਤੇ ਗੁੱਸੇ ਵਿੱਚ ਆ ਗਏ। ਉਨ੍ਹਾਂ ਦਲੀਲ ਦਿੱਤੀ ਕਿ ਉਹ ਐਸਐਸਪੀ ਪੱਧਰ ਦਾ ਅਧਿਕਾਰੀ ਹੈ।ਜਾਂਚ ਦੌਰਾਨ ਉਹ ਫੋਨ ਆਪਣੇ ਨਾਲ ਲੈ ਜਾ ਸਕਦਾ ਹੈ ਪਰ ਵਿਜੀਲੈਂਸ ਅਧਿਕਾਰੀ ਅੜੇ ਰਹੇ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਜਾਂਚ ਪ੍ਰਭਾਵਿਤ ਹੋਵੇਗੀ। ਇਸ ਦੌਰਾਨ ਕਾਫੀ ਦੇਰ ਤੱਕ ਮਾਹੌਲ ਗਰਮ ਰਿਹਾ। ਸਥਿਤੀ ਧੱਕਾ-ਮੁੱਕੀ ਅਤੇ ਗਾਲ੍ਹਾਂ ਤੱਕ ਪਹੁੰਚ ਗਈ। ਇਸ ਦੌਰਾਨ ਡੀਐਸਪੀ ਵਰਿੰਦਰ ਸਿੰਘ ਦੇ ਦਫ਼ਤਰ ਦੇ ਸ਼ੀਸ਼ੇ ਵੀ ਟੁੱਟ ਗਏ। ਬਾਅਦ ਵਿੱਚ ਵਿਜੀਲੈਂਸ ਨੂੰ ਬਾਹਰ ਰੱਖੇ ਏਆਈਜੀ ਦੇ ਫੋਨ ਮਿਲੇ ਪਰ ਇਸ ਤੋਂ ਬਾਅਦ ਵਿਜੀਲੈਂਸ ਨੂੰ ਸ਼ੱਕ ਹੋਇਆ ਕਿ ਉਸ ਕੋਲ ਕੋਈ ਹੋਰ ਫੋਨ ਹੋ ਸਕਦਾ ਹੈ।

# Manipur ‘ਚ ਪੁਲਿਸ ਅਧਿਕਾਰੀ ਦਾ ਕਤਲ

ਲੋਕ ਬਾਣੀ/ ਮਨੀਪੁਰ, 2 ਨਵੰਬਰ -

ਪਿਛਲੇ ਕਈ ਮਹੀਨਿਆਂ ਤੋਂ ਹਿੰਸਾ ਦੀ ਮਾਰ ਹੇਠ ਆਏ ਮਨੀਪੁਰ ਤੋਂ ਇੱਕ ਸਨਸਨੀਖੇਜ਼ ਖ਼ਬਰ ਸਾਹਮਣੇ ਆਈ ਹੈ। ਇੱਥੇ, ਮੋਰੇਹ ਸਬ-ਡਵੀਜ਼ਨਲ ਪੁਲਿਸ ਅਧਿਕਾਰੀ (ਐਸਡੀਪੀਓ) ਚਿੰਗਥਮ ਆਨੰਦ ਸਰਹੱਦੀ ਕਸਬੇ ਵਿੱਚ ਨਵੇਂ ਬਣੇ ਹੈਲੀਪੈਡ ਦਾ ਨਿਰੀਖਣ ਕਰ ਰਹੇ ਸਨ। ਇਸ ਦੌਰਾਨ ਅੱਤਵਾਦੀਆਂ ਨੇ ਉਨ੍ਹਾਂ ‘ਤੇ ਹਮਲਾ ਕਰ ਦਿੱਤਾ ਅਤੇ ਉਨ੍ਹਾਂ ‘ਤੇ ਗੋਲੀਆਂ ਚਲਾ ਦਿੱਤੀਆਂ। ਘਟਨਾ ਤੋਂ ਬਾਅਦ ਮਨੀਪੁਰ ਦੇ ਮੁੱਖ ਮੰਤਰੀ ਐਨ ਬੀਰੇਨ ਸਿੰਘ ਨੇ ਦੁੱਖ ਪ੍ਰਗਟ ਕਰਦਿਆਂ ਇਸ ਨੂੰ ਬੇਰਹਿਮੀ ਨਾਲ ਕਤਲ ਕਰਾਰ ਦਿੱਤਾ ਹੈ।

ਮੀਡੀਆ ਰਿਪੋਰਟਾਂ ਅਨੁਸਾਰ, ਐਸਡੀਪੀਓ ਨੂੰ ਮੋਰੇਹ ਦੇ ਇੱਕ ਪ੍ਰਾਇਮਰੀ ਹੈਲਥ ਸੈਂਟਰ ਵਿੱਚ ਲਿਜਾਇਆ ਗਿਆ, ਜਿੱਥੇ ਉਸ ਨੇ ਜ਼ਖ਼ਮਾਂ ਦੀ ਤਾਬ ਨਾ ਝੱਲਦੇ ਹੋਏ ਦਮ ਤੋੜ ਦਿੱਤਾ। ਘਟਨਾ ਤੋਂ ਬਾਅਦ ਪੁਲਿਸ ਨੇ ਅੱਤਵਾਦੀਆਂ ਨੂੰ ਫੜਨ ਲਈ ਇਲਾਕੇ ‘ਚ ਵੱਡੇ ਪੱਧਰ ‘ਤੇ ਮੁਹਿੰਮ ਸ਼ੁਰੂ ਕਰ ਦਿੱਤੀ ਹੈ। ਘਟਨਾ ‘ਤੇ ਦੁੱਖ ਪ੍ਰਗਟ ਕਰਦੇ ਹੋਏ, ਮਨੀਪੁਰ ਦੇ ਮੁੱਖ ਮੰਤਰੀ ਐਨ ਬੀਰੇਨ ਸਿੰਘ ਨੇ ਕਿਹਾ ਕਿ ਉਹ ਚਿੰਗਥਮ ਆਨੰਦ ਦੀ ‘ਬੇਰਹਿਮੀ ਨਾਲ ਹੱਤਿਆ’ ਤੋਂ ਦੁਖੀ ਹਨ।

### ਜਲੰਧਰ ਦੇ ਮੈਰੀਟਨ ਹੋਟਲ ਦਾ ਮਾਮਲਾ

# ਡਾਇਰੈਕਟਰ ਤੇ ਲੱਗੇ ਜਾਨੋਂ ਮਾਰਨ ਦੀ ਧਮਕੀ ਦੇ ਦੋਸ਼

ਲੋਕ ਬਾਣੀ/ ਜਲੰਧਰ - ਰਾਕੇਸ਼ ਵਰਮਾ

– ਜਲੰਧਰ ਦੇ ਮੈਰੀਟਨ ਹੋਟਲ ਦੇ ਮਾਲਕਾਂ ਵਿਚਾਲੇ ਝਗੜਾ ਹੋ ਗਿਆ ਹੈ। ਝਗੜੇ ਤੋਂ ਬਾਅਦ ਪੁਲਿਸ ਨੂੰ ਸ਼ਿਕਾਇਤ ਦਿੱਤੀ ਗਈ ਹੈ। ਸ਼ਿਕਾਇਤ ਵਿੱਚ ਕਿਹਾ ਗਿਆ ਹੈ ਕਿ ਹੋਟਲ ਡਾਇਰੈਕਟਰ ਵੱਲੋਂ ਦੁਰਵਿਵਹਾਰ ਕੀਤਾ ਗਿਆ। ਇਸ ਸਬੰਧੀ ਥਾਣਾ ਰਾਮਾਮੰਡੀ ਵਿੱਚ ਸ਼ਿਕਾਇਤ ਦਰਜ





ਕਰਵਾਈ ਗਈ ਹੈ।ਗੁਰੂ ਤੇਗਬਹਾਦਰ ਨਗਰ ਦੇ ਰਹਿਣ ਵਾਲੇ ਮਨਜੀਤ ਸਿੰਘ ਨੇ ਰਾਮਾਮੰਡੀ ਪੁਲੀਸ ਨੂੰ ਦਿੱਤੀ ਸ਼ਿਕਾਇਤ ਵਿੱਚ ਕਿਹਾ ਹੈ ਕਿ ਉਸ ਦਾ ਭਤੀਜਾ ਸਿਮਰਦੀਪ ਸਿੰਘ ਜੋ ਕਿ ਹੋਟਲ ਮੈਰੀਟਨ ਦਾ ਸੰਚਾਲਕ ਹੈ। ਸਿਮਰਦੀਪ ਸਿੰਘ ਨੇ ਅਧਿਕਾਰਤ ਤੌਰ ਤੇ ਉਨ੍ਹਾਂ ਨੂੰ ਹੋਟਲ ਦੀ ਦੇਖਭਾਲ ਲਈ ਨਾਮਜ਼ਦ ਕੀਤਾ ਹੈ।ਮਨਜੀਤ ਸਿੰਘ ਨੇ ਦੋਸ਼ ਲਾਇਆ ਹੈ ਕਿ ਹੋਟਲ ਦੇ ਹੋਰ ਡਾਇਰੈਕਟਰ ਪਰਮਜੀਤ ਸਿੰਘ ਮਰਵਾਹਾ ਅਤੇ ਗੌਤਮ ਕੁਕਰੇਜਾ ਉਸ ਨੂੰ ਕੰਮ ਕਰਨ ਤੋਂ ਰੋਕਦੇ ਹਨ। ਉਸ ਨੇ ਦੋਵਾਂ ਡਾਇਰੈਕਟਰਾਂ 'ਤੇ ਧੱਕੇਸ਼ਾਹੀ ਦੇ ਦੋਸ਼ ਵੀ ਲਾਏ ਹਨ। ਉਨ੍ਹਾਂ ਇਸ ਦੀ ਕਾਪੀ ਪੁਲੀਸ ਕਮਿਸ਼ਨਰ ਨੂੰ ਵੀ ਭੇਜੀ ਹੈ।

ਦੂਜੇ ਪਾਸੇ ਹੋਟਲ ਦੇ ਡਾਇਰੈਕਟਰ ਪਰਮਜੀਤ ਸਿੰਘ ਮਰਵਾਹਾ ਅਤੇ ਗੌਤਮ ਕੁਕਰੇਜਾ ਨੇ ਦੱਸਿਆ ਕਿ ਮਨਜੀਤ ਸਿੰਘ ਨੇ ਖੁਦ ਹੋਟਲ ਆ ਕੇ ਹੰਗਾਮਾ ਕੀਤਾ। ਉਨ੍ਹਾਂ ਦੱਸਿਆ ਕਿ ਮਨਜੀਤ ਸਿੰਘ ਖ਼ਿਲਾਫ਼ ਪੁਲੀਸ ਕਮਿਸ਼ਨਰ ਨੂੰ ਸ਼ਿਕਾਇਤ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਮਨਜੀਤ ਸਿੰਘ ਨੇ ਹੋਟਲ ਵਿੱਚ ਹੰਗਾਮਾ ਕੀਤਾ ਅਤੇ ਧਮਕੀਆਂ ਦਿੱਤੀਆਂ।

# 37ਵੀਆਂ ਨੈਸ਼ਨਲ ਖੇਡਾਂ ਗੋਆ 2023 ਲਈ ਪੰਜਾਬ ਦੀ ਜੂਡੋ ਟੀਮ ਪਨਜੀਮ ਗੋਆ ਲਈ ਰਵਾਨਾ

ਲੋਕ ਬਾਣੀ/ ਗੁਰਦਾਸਪੁਰ -ਨਵਨੀਤ ਕੁਮਾਰ-



37 ਵੀਆ ਨੈਸ਼ਨਲ ਖੇਡਾਂ ਗੋਆ ਲਈ ਪੰਜਾਬ ਦੀ ਜੂਡੋ ਟੀਮ ਲਾਡੋਵਾਲੀ ਸੀਨੀਅਰ ਮਾਡਲ ਸਕੂਲ ਜਲੰਧਰ ਤੋਂ ਰਵਾਨਾ ਕੀਤੀ ਗਈ। ਜੂਡੋ ਟੀਮ ਨੂੰ ਰਵਾਨਾ ਕਰਦਿਆਂ ਟੈਕਨੀਕਲ ਸਕੱਤਰ ਸੁਰਿੰਦਰ ਕੁਮਾਰ ਜਲੰਧਰ ਅਤੇ ਅਮਰਜੀਤ ਸ਼ਾਸਤਰੀ ਪ੍ਰੈਸ ਸਕੱਤਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਦੀ ਲੜਕੇ ਲੜਕੀਆਂ ਦੀ ਜੂਡੋ ਟੀਮ ਵਿਚ ਅੰਤਰਰਾਸ਼ਟਰੀ ਪੱਧਰ ਦੇ ਜੂਡੋ ਖਿਡਾਰੀ ਸ਼ਾਮਲ ਹਨ। ਇਹਨਾਂ ਖਿਡਾਰੀਆਂ ਦੀ ਚੋਣ ਸੀਨੀਅਰ ਨੈਸ਼ਨਲ ਜੂਡੋ ਚੈਂਪੀਅਨਸ਼ਿਪ ਜੈਪੁਰ ਰਾਜਸਥਾਨ ਵਿਖੇ ਹੋਈ ਸੀ। ਇਸ ਟੀਮ ਵਿਚ ਵੱਖ ਵੱਖ ਪੈਰਾ ਮਿਲਟਰੀ ਫੋਰਸ, ਪੰਜਾਬ ਪੁਲਿਸ ਜੂਡੋ ਟੀਮ ਤੋਂ ਇਲਾਵਾ ਵੱਖ ਵੱਖ ਯੂਨੀਵਰਸਿਟੀ ਅਤੇ ਸਕੂਲਾਂ ਦੇ ਖਿਡਾਰੀ ਸ਼ਾਮਲ ਹਨ। ਟੀਮ ਕੋਚ ਰਵੀ ਕੁਮਾਰ ਗੁਰਦਾਸਪੁਰ, ਅਤੇ ਕਰਮਜੀਤ ਸਿੰਘ ਅਮ੍ਰਿਤਸਰ ਅਨੁਸਾਰ ਇਸ ਸ਼ਿਵਾ ਕੁਮਾਰ, ਹਰਮੀਤ ਸਿੰਘ, ਮੋਂਟੀ, ਜਗਤਾਰ ਸਿੰਘ, ਅਵਤਾਰ ਸਿੰਘ, ਕਰਨਜੀਤ ਸਿੰਘ ਮਾਨ, ਜਸਵਿੰਦਰ ਸਿੰਘ, ਅਨਮੋਲ ਦੀਪ ਸਿੰਘ, ਮੁਕੇਸ਼ ਕੁਮਾਰ, ਜਤਿੰਦਰ ਸਿੰਘ, ਮੋਹਿਤ ਕੁਮਾਰ ਮਹੇਸ਼ ਇੰਦਰ ਸੈਣੀ ਰਣਜੀਤ ਕੌਰ, ਪ੍ਰਿਯੰਕਾ, ਪ੍ਰੀਆ, ਰਵਨੀਤ ਕੌਰ, ਨਵਨੀਤ ਕੌਰ, ਗਿਨੀ, ਕਨਵਰਪ੍ਰੀਤ ਕੌਰ, ਪੂਜਾ ਰਾਣੀ ਪਰਮਜੀਤ ਕੌਰ ਸ਼ਾਮਲ ਹਨ। ਪੰਜਾਬ ਜੂਡੋ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਬਿਕਰਮ ਜੀਤ ਸਿੰਘ ਬਾਜਵਾ, ਜਰਨਲ ਸਕੱਤਰ ਦੇਵ ਸਿੰਘ ਧਾਲੀਵਾਲ ਪਰਮਜੀਤ ਸਿੰਘ ਟੱਕਰ, ਨਰੇਸ਼ ਕੁਮਾਰ, ਗੁਲਸ਼ਨ ਕੁਮਾਰ ਨੇ ਵਧਾਈ ਦਿੱਤੀ ਹੈ।

# ਪਰਾਲੀ ਨੂੰ ਅੱਗ ਲਗਾਉਣ ਵਾਲੇ ਕਿਸਾਨਾਂ ਨੂੰ 15000 ਰੁਪਏ ਤੱਕ ਹੋ ਸਕਦਾ ਹੈ ਜ਼ੁਰਮਾਨਾ - ਡਿਪਟੀ ਕਮਿਸ਼ਨਰ

## ਡਿਪਟੀ ਕਮਿਸ਼ਨਰ ਵੱਲੋਂ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਅਪੀਲ

ਲੋਕ ਬਾਣੀ/ ਗੁਰਦਾਸਪੁਰ-ਨਵਨੀਤ ਕੁਮਾਰ-

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਵਡੇਰੇ ਮਾਨਵੀ ਅਤੇ ਵਾਤਾਵਰਨ ਦੇ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਝੋਨੇ ਦੀ ਪਰਾਲੀ ਨੂੰ ਅੱਗ ਬਿਲਕੁਲ ਨਾ ਲਗਾਉਣ। ਉਨ੍ਹਾਂ ਕਿਹਾ ਕਿ ਪਰਾਲੀ ਦਾ ਪ੍ਰਬੰਧਨ ਖੇਤੀ ਸੰਦਾਂ ਨਾਲ ਬੜੀ ਅਸਾਨੀ ਨਾਲ ਕੀਤਾ ਜਾ ਸਕਦਾ ਹੈ, ਇਸ ਲਈ ਅੱਗ ਲਗਾਉਣ ਦੇ ਰੁਝਾਨ ਤੋਂ ਬਚਣਾ ਚਾਹੀਦਾ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੇ 350 ਦੇ ਕਰੀਬ ਕਰਮਚਾਰੀ ਫੀਲਡ ਵਿੱਚ ਪੂਰੀ ਤਰ੍ਹਾਂ ਸਰਗਰਮ ਹਨ ਅਤੇ ਜੋ ਵੀ ਵਿਅਕਤੀ ਆਪਣੇ ਖੇਤਾਂ ਵਿੱਚ ਝੋਨੇ ਦੀ ਪਰਾਲੀ ਨੂੰ ਅੱਗ ਲਗਾਵੇਗਾ ਉਸ ਨੂੰ 2500 ਰੁਪਏ ਤੋਂ ਲੈ ਕੇ 15000 ਰੁਪਏ ਤੱਕ ਦਾ ਜੁਰਮਾਨਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਦੀਆਂ ਟੀਮਾਂ ਵੱਲੋਂ ਹੁਣ ਤੱਕ ਜ਼ਿਲ੍ਹੇ ਵਿੱਚ 100 ਤੋਂ ਵੱਧ ਵਿਅਕਤੀਆਂ ਨੂੰ ਪਰਾਲੀ ਸਾੜਨ ਕਾਰਨ ਜੁਰਮਾਨਾ ਕੀਤਾ ਜਾ ਚੁੱਕਾ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਿਹੜੇ ਕਿਸਾਨ



ਹੁਕਮਾਂ ਦੀ ਉਲੰਘਣਾ ਕਰਕੇ ਪਰਾਲੀ ਨੂੰ ਅੱਗ ਲਗਾਉਣਗੇ ਉਨ੍ਹਾਂ ਦੇ ਜ਼ਮੀਨੀ ਰਿਕਾਰਡ ਵਿੱਚ ਰੈੱਡ ਐਂਟਰੀ ਦਰਜ ਕੀਤੀ ਜਾਵੇਗੀ ਅਤੇ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਏਅਰ ਐਕਟ ਤਹਿਤ ਪਰਚਾ ਵੀ ਕੀਤਾ ਜਾ ਸਕਦਾ ਹੈ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਪਰਾਲੀ ਪ੍ਰਬੰਧਨ ਲਈ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਸਬਸਿਡੀ ਉੱਪਰ ਵੱਖ-ਵੱਖ ਖੇਤੀ ਸੰਦ ਮੁਹੱਈਆ ਕਰਵਾਏ ਗਏ ਹਨ। ਉਨ੍ਹਾਂ ਦੱਸਿਆ ਕਿ ਪਿਛਲੇ ਪੰਜ ਸਾਲਾਂ ਵਿੱਚ 5000 ਤੋਂ ਵੱਧ ਸੰਦ ਦਿੱਤੇ ਗਏ ਹਨ ਅਤੇ ਇਸ ਸਾਲ ਵੀ 1000 ਸੰਦ ਕਿਸਾਨਾਂ ਨੂੰ ਸਬਸਿਡੀ ਉਪਰ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਕਿਸਾਨ ਨੂੰ ਅਜੇ ਵੀ ਪਰਾਲੀ ਪ੍ਰਬੰਧਨ ਲਈ ਖੇਤੀ ਸੰਦਾਂ ਦੀ ਜ਼ਰੂਰਤ ਹੈ ਤਾਂ ਉਹ ਜ਼ਿਲ੍ਹਾ ਪ੍ਰਸ਼ਾਸਨ ਦੇ ਟੋਲ ਫਰੀ ਨੰਬਰ 1800-180-1852 ਉੱਪਰ ਸੰਪਰਕ ਕਰ ਸਕਦੇ ਹਨ। ਪ੍ਰਸ਼ਾਸਨ ਵੱਲੋਂ ਉਸ ਕਿਸਾਨ ਲਈ ਖੇਤੀ ਸੰਦ ਦਾ ਪ੍ਰਬੰਧ ਕਰਕੇ ਦਿੱਤਾ ਜਾਵੇਗਾ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਰਾਲੀ ਨੂੰ ਅੱਗ ਨਾ ਲਗਾਉਣ ਵਾਲੇ 27 ਕਿਸਾਨਾਂ ਨੂੰ 'ਵਾਤਾਵਰਨ ਦੇ ਰਾਖੇ' ਸਨਮਾਨ ਨਾਲ ਸਨਮਾਨਿਤ ਕੀਤਾ ਗਿਆ ਹੈ ਅਤੇ ਇਨ੍ਹਾਂ ਐਵਾਰਡੀ ਕਿਸਾਨਾਂ ਨੂੰ ਸਰਕਾਰੀ ਦਫ਼ਤਰਾਂ ਵਿੱਚ ਵੀ ਪਹਿਲ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸਤੋਂ ਇਲਾਵਾ ਜਿਹੜੇ ਪਿੰਡਾਂ ਵਿੱਚ ਪਰਾਲੀ ਨੂੰ ਅੱਗ ਲੱਗਣ ਦਾ ਇੱਕ ਵੀ ਕੇਸ ਨਹੀਂ ਆਵੇਗਾ ਉਸ ਪਿੰਡ ਨੂੰ ਵਿਕਾਸ ਕਾਰਜਾਂ ਲਈ ਇੱਕ ਲੱਖ ਰੁਪਏ ਦੀ ਵਿਸ਼ੇਸ਼ ਗ੍ਰਾਂਟ ਦਿੱਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਪਰਾਲੀ ਨੂੰ ਅੱਗ ਬਿਲਕੁਲ ਨਾ ਲਗਾਉਣ। ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਜਿਥੇ ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਨੁਕਸਾਨ ਪਹੁੰਚਦਾ ਹੈ ਓਥੇ ਇਹ ਵਾਤਾਵਰਨ ਅਤੇ ਮਨੁੱਖੀ ਸਿਹਤ ਲਈ ਵੀ ਬਹੁਤ ਹਾਨੀਕਾਰਕ ਹੈ। ਉਨ੍ਹਾਂ ਕਿਹਾ ਕਿ ਅੱਗ ਸਬੰਧੀ ਸੂਚਨਾ ਜਾਂ ਕਿਸੇ ਸਹਾਇਤਾ, ਜਾਣਕਾਰੀ ਲਈ ਜ਼ਿਲ੍ਹਾ ਪ੍ਰਸ਼ਾਸਨ ਦੇ ਹੈਲਪ ਲਾਈਨ ਨੰਬਰ 1800-180-1852 ਉੱਪਰ ਸੰਪਰਕ ਕੀਤਾ ਜਾ ਸਕਦਾ ਹੈ।

# ਸਕੂਲੀ ਬੱਚਿਆਂ ਨੇ ਪਰਾਲੀ ਨੂੰ ਅੱਗ ਲਗਾਉਣ ਦੇ ਰੁਝਾਨ ਨੂੰ ਰੋਕਣ ਲਈ ਫ਼ੈਲਾਈ ਜਾਗਰੂਕਤਾ

## ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਅਤੇ ਇਸ ਦਾ ਸਹੀ ਪ੍ਰਬੰਧਨ ਕਰਨ ਦੀ ਕੀਤੀ ਅਪੀਲ

ਲੋਕ ਬਾਣੀ/ ਹੁਸ਼ਿਆਰਪੁਰ, 2 ਨਵੰਬਰ (ਅਜੈ ਜੁਲਕਾ/ਆਸ਼ੂ ਠਾਕੁਰ)

ਜ਼ਿਲ੍ਹੇ ਨੂੰ ਪਰਾਲੀ ਸਾੜਨ ਤੋਂ ਮੁਕਤ ਕਰਨ ਦੇ ਮੰਤਵ ਨਾਲ ਅੱਜ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੇ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਜਾਗਰੂਕਤਾ ਰੈਲੀਆਂ ਕੱਢੀਆਂ। ਡਿਪਟੀ ਕਮਿਸ਼ਨਰ ਕੋਮਲ ਮਿੱਤਲ ਦੀਆਂ ਹਦਾਇਤਾਂ ਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ) ਹਰਭਗਵੰਤ ਸਿੰਘ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ) ਧੀਰਜ ਵਸ਼ਿਸ਼ਟ ਦੀ ਅਗਵਾਈ ਹੇਠ ਜ਼ਿਲ੍ਹੇ ਦੇ ਸਮੂਹ ਮਿਡਲ, ਹਾਈ ਅਤੇ ਸੈਕੰਡਰੀ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਇਸ ਜਾਗਰੂਕਤਾ ਰੈਲੀ ਦਾ ਹਿੱਸਾ ਬਣੇ । ਬੱਚਿਆਂ ਨੇ ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਨਾਅਰੇ ਲਿਖ ਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਪ੍ਰੇਰਿਤ ਕੀਤਾ। ਇਸ ਦੌਰਾਨ ਜਿਥੋਂ ਵੀ ਬੱਚੇ ਲੰਘੇ ਉੱਥੇ ਉਨ੍ਹਾਂ ਪਰਾਲੀ ਨਾ ਸਾੜਨ ਦਾ ਸੰਦੇਸ਼ ਦਿੰਦਿਆਂ ਲੋਕਾਂ ਨੂੰ ਚੰਗੀ ਸਿਹਤ ਅਤੇ ਚੰਗੇ ਵਾਤਾਵਰਨ ਦਾ ਸੁਨੇਹਾ ਦਿੱਤਾ ।

ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਕਿਹਾ ਕਿ ਸਰਕਾਰੀ ਸਕੂਲਾਂ ਦੇ ਬੱਚਿਆਂ ਵੱਲੋਂ ਪਰਾਲੀ ਨਾ ਸਾੜਨ ਲਈ ਕੱਢੀ ਗਈ ਜਾਗਰੂਕਤਾ ਰੈਲੀ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਅੱਜ ਜ਼ਿਲ੍ਹੇ ਦੇ ਹਜ਼ਾਰਾਂ ਵਿਦਿਆਰਥੀਆਂ ਵੱਲੋਂ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਦੇ ਬਿਨਾਂ ਸ਼ੱਕ ਸਾਰਥਕ ਨਤੀਜੇ ਸਾਹਮਣੇ ਆਉਣਗੇ। ਉਨ੍ਹਾਂ ਕਿਹਾ ਕਿ ਕੱਢੀ ਗਈ ਇਸ ਰੈਲੀ ਵਿਚ ਵਿਦਿਆਰਥੀ ਸਭ ਤੋਂ ਕਾਰਗਰ ਅਤੇ ਲਾਹੇਵੰਦ ਮਾਧਿਅਮ ਸਾਬਤ ਹੋ ਸਕਦੇ ਹਨ ਕਿਉਂਕਿ ਇਨ੍ਹਾਂ ਵਿੱਚੋਂ ਬਹੁਤ ਸਾਰੇ ਪਰਿਵਾਰਾਂ ਦਾ ਕਿੱਤਾ ਖੇਤੀਬਾੜੀ ਹੈ।




ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਲਈ ਸੂਚਨਾ, ਸਿੱਖਿਆ ਅਤੇ ਸੰਚਾਰ ਗਤੀਵਿਧੀਆਂ ਵੀ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਜਾਗਰੂਕਤਾ ਮੁਹਿੰਮ ਦਾ ਮੁੱਖ ਮੰਤਵ ਕਿਸਾਨਾਂ ਨੂੰ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਖੇਤਾਂ ਵਿਚ ਹੀ ਸੰਭਾਲਣ ਲਈ ਪ੍ਰੇਰਿਤ ਕਰਨਾ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਖੇਤਾਂ ਵਿਚ ਪਰਾਲੀ ਸਾੜਨ ਦੇ ਸੁਚੱਜੇ ਪ੍ਰਬੰਧ ਨੂੰ ਯਕੀਨੀ ਬਣਾਉਣ ਅਤੇ ਖੇਤੀਬਾੜੀ ਵਿਭਾਗ ਵੱਲੋਂ ਸਬਸਿਡੀ ’ਤੇ ਦਿੱਤੀ ਜਾਂਦੀ ਖੇਤੀ ਮਸ਼ੀਨਰੀ ਦੀ ਵੱਧ ਤੋਂ ਵੱਧ ਵਰਤੋਂ ਕਰਨ ਤਾਂ ਜੋ ਪਰਾਲੀ ਸਾੜਨ ਦੇ ਰੁਝਾਨ ਨੂੰ ਠੱਲ੍ਹ ਪਾਈ ਜਾ ਸਕੇ ਅਤੇ ਲੋਕਾਂ ਨੂੰ ਸਿਹਤਮੰਦ ਰੱਖਣ ਦੇ ਨਾਲ-ਨਾਲ ਸੂਬੇ ਦੇ ਵਾਤਾਵਰਨ ਨੂੰ ਵੀ ਬਚਾਇਆ ਜਾ ਸਕੇ।

# ਜਵਾਹਰ ਨਵੋਦਿਆ ਵਿਚ ਆਨਲਾਈਨ ਰਜਿਸਟ੍ਰੇਸ਼ਨ ਦੀ ਤਰੀਕ 7 ਨਵੰਬਰ ਤੱਕ ਵਧਾਈ

ਲੋਕ ਬਾਣੀ/ ਹੁਸ਼ਿਆਰਪੁਰ, 2 ਨਵੰਬਰ (ਅਜੈ ਜੁਲਕਾ/ਆਸ਼ੂ ਠਾਕੁਰ)

ਜਵਾਹਰ ਨਵੋਦਿਆ ਵਿਦਿਆਲਿਆ ਫਲਾਹੀ, ਜ਼ਿਲ੍ਹਾ ਹੁਸ਼ਿਆਰਪੁਰ ਵਿਚ ਵਿੱਦਿਅਕ ਵਰ੍ਹੇ 2024-25 ਦੀਆਂ ਨੌਵੀਂ ਅਤੇ ਗਿਆਰਵੀਂ ਜਵਾਤ ਦੀਆਂ ਖਾਲੀ ਸੀਟਾਂ ਭਰਨ ਲਈ ਆਨਲਾਈਨ ਰਜਿਸਟ੍ਰੇਸ਼ਨ ਦੀ ਤਰੀਕ ਵਧਾ ਕੇ 7 ਨਵੰਬਰ 2023 ਕਰ ਦਿੱਤੀ ਗਈ ਹੈ। ਇਹ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਰੰਜੂ ਦੁੱਗਲ ਨੇ ਦੱਸਿਆ ਕਿ ਮੌਜੂਦਾ ਵਿੱਦਿਅਕ ਵਰ੍ਹੇ ਵਿਚ ਸਰਕਾਰੀ/ਸਰਕਾਰੀ ਸਹਾਇਤਾ ਪ੍ਰਾਪਤ/ਮਾਨਤਾ ਪ੍ਰਾਪਤ ਸਕੂਲਾਂ ਵਿਚ ਅੱਠਵੀਂ ਅਤੇ ਦਸਵੀਂ ਜਮਾਤ ਵਿਚ ਪੜ੍ਹ ਰਹੇ ਵਿਦਿਆਰਥੀ ਆਨਲਾਈਨ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਪ੍ਰਾਸਪੈਕਟਸ, ਪ੍ਰਸ਼ਨ ਪੱਤਰ ਦਾ ਨਮੂਨਾ ਅਤੇ ਹੋਰ ਜਾਣਕਾਰੀ ਲਈ ਨਵੋਦਿਆ ਵਿਦਿਆਲਿਆ ਸਮਿਤੀ ਦੀ ਵੈੱਬਸਾਈਟ www .navodaya.gov.in ’ਤੇ ਦੇਖੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਆਨਲਾਈਨ ਰਜਿਸਟ੍ਰੇਸ਼ਨ ਮੁਫ਼ਤ ਹੈ ਅਤੇ ਇਸ ਸਬੰਧੀ ਜਾਣਕਾਰੀ ਲੈਣ ਲਈ ਫੋਨ ਨੰਬਰ 01882-28939393 ’ਤੇ ਕੰਮਕਾਜ਼ ਵਾਲੇ ਦਿਨ ਸਵੇਰੇ 9 ਵਜੇ ਤੋਂ ਬਾਅਦ ਦੁਪਹਿਰ 4 ਵਜੇ ਤੱਕ ਸੰਪਰਕ ਕੀਤਾ ਜਾ ਸਕਦਾ ਹੈ।

# 5 ਨਵੰਬਰ ਤੱਕ ਕਈ ਥਾਵਾਂ ‘ਤੇ ਹੋਵੇਗੀ ਭਾਰੀ ਬਾਰਿਸ਼

ਲੋਕ ਬਾਣੀ/ ਦਿੱਲੀ, 2 ਨਵੰਬਰ



ਮੌਸਮ ਵਿਭਾਗ ਨੇ ਭਵਿੱਖਬਾਣੀ ਕੀਤੀ ਸੀ ਕਿ ਉੱਤਰ-ਪੱਛਮੀ ਅਤੇ ਮੱਧ ਭਾਰਤ ਦੇ ਕੁਝ ਖੇਤਰਾਂ ਨੂੰ ਛੱਡ ਕੇ ਦੇਸ਼ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਨਵੰਬਰ ਆਮ ਨਾਲੋਂ ਵੱਧ ਗਰਮ ਰਹਿਣ ਦੀ ਸੰਭਾਵਨਾ ਹੈ।

ਇਸ ਦੇ ਨਾਲ ਹੀ ਕਿਹਾ ਗਿਆ ਸੀ ਕਿ ਉੱਤਰ-ਪੱਛਮੀ ਅਤੇ ਮੱਧ ਨੂੰ ਛੱਡ ਕੇ ਨਵੰਬਰ ਮਹੀਨੇ ਵਿੱਚ ਦੇਸ਼ ਦੇ ਕਈ ਹਿੱਸਿਆਂ ਵਿੱਚ ਦਿਨ ਅਤੇ ਰਾਤ ਦੇ ਦੌਰਾਨ ਤਾਪਮਾਨ ਆਮ ਨਾਲੋਂ ਵੱਧ ਰਹਿ ਸਕਦਾ ਹੈ।

ਇਸ ਦੇ ਨਾਲ ਹੀ ਮੌਸਮ ਵਿਭਾਗ ਨੇ ਕਿਹਾ ਹੈ ਕਿ ਉੱਤਰ-ਪੱਛਮੀ ਅਤੇ ਮੱਧ ਭਾਰਤ ਦੇ ਕੁਝ ਹਿੱਸਿਆਂ ਨੂੰ ਛੱਡ ਕੇ ਦੇਸ਼ ਦੇ ਬਾਕੀ ਹਿੱਸਿਆਂ ਵਿੱਚ ਨਵੰਬਰ ਵਿੱਚ ਜ਼ਿਆਦਾਤਰ ਰਾਜਾਂ ਵਿੱਚ ਆਮ ਨਾਲੋਂ ਵੱਧ ਬਾਰਿਸ਼ ਹੋ ਸਕਦੀ ਹੈ।

IMD ਨੇ ਕਿਹਾ ਕਿ ਉੱਤਰ-ਪੱਛਮੀ ਅਤੇ ਮੱਧ ਭਾਰਤ ਦੇ ਕੁਝ ਹਿੱਸਿਆਂ ਨੂੰ ਛੱਡ ਕੇ, ਦੇਸ਼ ਦੇ ਜ਼ਿਆਦਾਤਰ ਰਾਜਾਂ ਵਿੱਚ ਨਵੰਬਰ ਵਿੱਚ ਆਮ ਨਾਲੋਂ ਵੱਧ ਬਾਰਿਸ਼ ਹੋ ਸਕਦੀ ਹੈ। ਫਿਲਹਾਲ ਦੇਸ਼ ਦੇ ਜ਼ਿਆਦਾਤਰ ਸੂਬਿਆਂ ‘ਚ ਮੌਸਮ ਖੁਸ਼ਕ ਬਣਿਆ ਹੋਇਆ ਹੈ।

ਇਸ ਦੇ ਨਾਲ ਹੀ ਦੱਖਣੀ ਭਾਰਤ ਦੇ ਰਾਜਾਂ ਵਿੱਚ ਬਰਸਾਤ ਦਾ ਮੌਸਮ ਜਾਰੀ ਹੈ। ਮੌਸਮ ਵਿਭਾਗ ਅਨੁਸਾਰ ਤਾਮਿਲਨਾਡੂ, ਕੇਰਲ, ਮਹੇ ਅਤੇ ਅੰਦਰੂਨੀ ਦੱਖਣੀ ਕਰਨਾਟਕ ਵਿੱਚ 3 ਨਵੰਬਰ ਤੋਂ 5 ਨਵੰਬਰ ਤੱਕ ਬਰਸਾਤ ਜਾਰੀ ਰਹੇਗੀ। ਮੌਸਮ ਵਿਭਾਗ ਅਨੁਸਾਰ ਅੱਜ ਤੱਟਵਰਤੀ ਆਂਧਰਾ ਪ੍ਰਦੇਸ਼, ਤਾਮਿਲਨਾਡੂ, ਕੇਰਲ ਅਤੇ ਅੰਡੇਮਾਨ ਨਿਕੋਬਾਰ ਦੀਪ ਸਮੂਹ ਵਿੱਚ ਕੁਝ ਥਾਵਾਂ ‘ਤੇ ਭਾਰੀ ਮੀਂਹ ਦੇ ਨਾਲ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਹੈ।

# ਪਤਰਕਾਰਾਂ ਅਤੇ ਵਿਰੋਧੀ ਪਾਰਟੀਆਂ ਦੇ ਆਗੂਆਂ ਦੀ ਜਬਾਨਬੰਦੀ ਲਈ ਫੋਨ ਟੇਪ ਕਰਨਾ ਕੇਂਦਰ ਸਰਕਾਰ ਦਾ ਲੋਕ ਵਿਰੋਧੀ ਖਾਸਾ

## ਜਮਹੂਰੀ ਅਧਿਕਾਰ ਸਭਾ ਪੰਜਾਬ ਵਲੋਂ ਇਸ ਵਰਤਾਰੇ ਦੀ ਕੀਤੀ ਨਿੰਦਾ

ਲੋਕ ਬਾਣੀ/ ਗੁਰਦਾਸਪੁਰ-ਨਵਨੀਤ ਕੁਮਾਰ-

ਪਿਛਲੇ ਦਿਨੀਂ ਐਪਲ ਫ਼ੋਨ ਕੰਪਨੀ ਵੱਲੋਂ ਵੱਖ ਵੱਖ ਵਿਰੋਧੀ ਪਾਰਟੀਆਂ ਦੇ ਆਗੂਆਂ ਅਤੇ ਵਾਇਰ ਜਿਹੇ ਅਦਾਰੇ ਦੇ ਪਤਰਕਾਰਾਂ ਦੇ ਐਪਲ ਫ਼ੋਨ ਤੇ ਉਨ੍ਹਾਂ ਦੇ ਸਟੇਟ ਵੱਲੋਂ ਫੋਨ ਟੇਪ ਕਰਨ ਦੇ ਮੈਸੇਜ ਨੇ ਸਮੁੱਚੇ ਜਮਹੂਰੀ ਹਲਕਿਆਂ ਵਿਚ ਹਲਚਲ ਪੈਦਾ ਕਰ ਦਿੱਤੀ ਹੈ। ਕੇਂਦਰੀ ਏਜੰਸੀਆਂ ਦੀ ਇਸ ਜਮਹੂਰੀਅਤ ਵਿਰੋਧੀ ਨੀਤੀ ਦੀ ਚਾਰੋਂ ਤਰਫ਼ ਨਿੰਦਾ ਹੋ ਰਹੀ ਹੈ। ਇਸ ਲੋਕ ਵਿਰੋਧੀ ਵਰਤਾਰੇ ਦੀ ਨਿੰਦਾ ਕਰਦਿਆਂ ਸਭਾ ਦੇ ਸੂਬਾ ਪ੍ਰਧਾਨ ਪ੍ਰੋ ਜਗਮੋਹਨ ਸਿੰਘ, ਜਰਨਲ ਸਕੱਤਰ ਪ੍ਰਿਤਪਾਲ ਸਿੰਘ, ਅਤੇ ਸੂਬਾ ਪ੍ਰੈੱਸ ਸਕੱਤਰ ਅਮਰਜੀਤ ਸ਼ਾਸਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਭਾਵੇਂ ਭਾਰਤ ਦੇਸ਼ ਨੂੰ ਵੱਡੀ ਜਮਹੂਰੀਅਤ ਵਾਲਾ ਦੇਸ਼ ਗ਼ਰਦਾਨ ਕੇ ਆਪਣੀ ਅੰਤਰਰਾਸ਼ਟਰੀ ਛਵੀ ਨੂੰ ਚਮਕਾਉਣ ਲਈ ਰੋਜ਼ਾਨਾ ਪ੍ਰਚਾਰ ਦੇ ਨਵੇਂ ਨਵੇਂ ਹੱਥਕੰਡੇ ਅਪਣਾਉਂਦੀ ਹੈ ਪਰ ਲਗਾਤਾਰ ਜਮਹੂਰੀਅਤ ਵਿਰੋਧੀ ਫ਼ੈਸਲੇ ਲੈ ਕੇ ਆਪਣੇ ਫਾਸ਼ੀਵਾਦੀ ਸੋਚ ਨੂੰ ਉਜਾਗਰ ਕਰਨ ਵਿਚ ਕੋਈ ਕਸਰ ਨਹੀਂ ਛੱਡਦੀ। ਪਿਛਲੇ ਪੰਜ ਸਾਲਾਂ ਤੋਂ ਪਐਰਆਗਸ ਸਾਫਟਵੇਅਰ ਦੀ ਦੁਰਵਰਤੋ ਕਰਕੇ ਬਹੁਤ ਸਾਰੇ ਬੁੱਧੀਜੀਵੀ ਜਮੂਹਰੀਅਤ ਪਸੰਦ ਲੋਕਾਂ ਨੂੰ ਬਗੈਰ ਕਿਸੇ ਠੋਸ ਸਬੂਤ ਤੋਂ ਜੇਲ੍ਹਾਂ ਵਿੱਚ ਡੱਕ ਕੇ ਲੋਕ ਪੱਖੀ ਵਿਚਾਰਧਾਰਾ ਦਾ ਘਾਣ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਐਪਲ ਫ਼ੋਨ ਕੰਪਨੀ ਵੱਲੋਂ ਜਾਰੀ ਕੀਤੇ ਚੇਤਾਵਨੀ ਸੰਦੇਸ਼ ਨੂੰ ਵੀ ਇਸੇ ਪਰਿਪੇਖ ਵਿਚ ਦੇਖਿਆ ਜਾਣਾ ਚਾਹੀਦਾ ਹੈ। ਸਭਾ ਦੀ ਸੂਬਾ ਕਮੇਟੀ ਨੇ ਵੀ ਮਹਿਸੂਸ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਦੀ ਇਸ ਵਰਤਾਰੇ ਤੋਂ ਸਪੱਸ਼ਟ ਹੁੰਦਾ ਹੈ ਕਿ ਹੁਣ ਕਿਸੇ ਵੀ ਵਿਅਕਤੀ ਦੀ ਨਿੱਜਤਾ ਨੂੰ ਆਪਣੇ ਕੋਝੇ ਹਿਤਾਂ ਦੀ ਪੂਰਤੀ ਲਈ ਦਾਅ ਤੇ ਲਾਇਆ ਜਾ ਸਕਦਾ ਹੈ। ਇਸ ਲਈ ਕੇਂਦਰ ਸਰਕਾਰ ਦੇ ਲੋਕ ਵਿਰੋਧੀ ਖਾਸੇ ਖਿਲਾਫ ਸਮੂਹ ਇਨਸਾਫ਼ ਪਸੰਦ ਜਥੇਬੰਦੀਆਂ ਨੂੰ ਇਕੱਠੇ ਹੋ ਕੇ ਸੰਘਰਸ਼ ਕਰਨਾ ਸਮੇਂ ਦੀ ਮੁੱਖ ਲੋੜ ਹੈ।







# ਡਿਪਟੀ ਕਮਿਸ਼ਨਰ ਨੇ ਪਟਾਖਿਆਂ ਦੀ ਵਿਕਰੀ ਲਈ 57 ਆਰਜ਼ੀ ਲਾਇਸੰਸ ਕੀਤੇ ਜਾਰੀ

## ਵੀਡੀਓਗ੍ਰਾਫੀ ਰਾਹੀਂ ਪਾਰਦਰਸ਼ੀ ਢੰਗ ਨਾਲ ਡਰਾਅ ਰਾਹੀਂ ਜਾਰੀ ਕੀਤੇ ਗਏ ਲਾਇਸੰਸ

ਲੋਕ ਬਾਣੀ/ ਹੁਸ਼ਿਆਰਪੁਰ, 2 ਨਵੰਬਰ (ਅਜੈ ਜੁਲਕਾ/ਆਸ਼ੂ ਠਾਕੁਰ):

ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕੋਮਲ ਮਿੱਤਲ ਨੇ ਇਸ ਸਾਲ ਦੀਵਾਲੀ ਦੇ ਤਿਉਹਾਰ ਦੌਰਾਨ ਪ੍ਰਚੂਨ ਵਿਚ ਪਟਾਖੇ ਵੇਚਣ ਲਈ ਡਰਾਅ ਰਾਹੀਂ ਜ਼ਿਲ੍ਹੇ ਵਿਚ 57 ਆਰਜ਼ੀ ਲਾਇਸੰਸ ਜਾਰੀ ਕੀਤੇ ਹਨ। ਅੱਜ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਚ ਪੂਰੀ ਡਰਾਅ ਪ੍ਰਕਿਰਿਆ ਵੀਡਿਓਗ੍ਰਾਫੀ ਰਾਹੀਂ ਪਾਰਦਰਸ਼ੀ ਢੰਗ ਨਾਲ ਕਰਵਾਈ ਗਈ। ਇਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਰਾਹੁਲ ਚਾਬਾ, ਸਹਾਇਕ ਕਮਿਸ਼ਨਰ (ਜਨਰਲ) ਵਿਓਮ ਭਾਰਦਵਾਜ ਵੀ ਹਾਜ਼ਰ ਸਨ।




ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸੇਵਾ ਕੇਂਦਰਾਂ ਰਾਹੀਂ ਪੂਰੇ ਜ਼ਿਲ੍ਹੇ ਵਿਚੋਂ 782 ਅਰਜ਼ੀਆਂ ਪ੍ਰਾਪਤ ਹੋਈਆਂ ਸਨ ਅਤੇ ਅੱਜ ਡਰਾਅ ਰਾਹੀਂ 57 ਆਰਜ਼ੀ ਲਾਇਸੰਸ ਜਾਰੀ ਕਰਨ ਦੀ ਪ੍ਰਕਿਰਿਆ ਮੁਕੰਮਲ ਕਰ ਲਈ ਗਈ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਦਾ ਡਰਾਅ ਕੱਢਿਆ ਗਿਆ ਹੈ, ਉਨ੍ਹਾਂ ਲਈ ਟੈਕਸੇਸ਼ਨ ਵਿਭਾਗ ਵਿਚ ਜੀ.ਐਸ.ਟੀ ਨਾਲ ਸਬੰਧਤ ਕੈਜ਼ੂਅਲ ਰਜਿਸਟ੍ਰੇਸ਼ਨ ਕਰਵਾਉਣੀ ਲਾਜ਼ਮੀ ਹੈ, ਜਿਸ ਲਈ ਟੈਕਸੇਸ਼ਨ ਵਕੀਲਾਂ ਦਾ ਇਕ ਪੈਨਲ ਉਨ੍ਹਾਂ ਦੀ ਮਦਦ ਲਈ ਮੌਜੂਦ ਹੈ। ਉਨ੍ਹਾਂ ਦੱਸਿਆ ਕਿ ਲਾਇਸੰਸ ਲਈ 13 ਅਰਜ਼ੀਆਂ ਹੋਰ ਜ਼ਿਲ੍ਹਿਆਂ ਤੋਂ ਵੀ ਆਈਆਂ ਸਨ, ਜੋ ਕਿ ਦੂਜੇ ਜ਼ਿਲ੍ਹਿਆਂ ਨਾਲ ਸਬੰਧਤ ਹੋਣ ਕਰਕੇ ਰੱਦ ਕਰ ਦਿੱਤੀਆਂ ਗਈਆਂ। ਉਨ੍ਹਾਂ ਦੱਸਿਆ ਕਿ ਇਹ ਆਰਜ਼ੀ ਲਾਇਸੰਸ ਪ੍ਰਸ਼ਾਸਨ ਵੱਲੋਂ ਨਿਰਧਾਰਤ ਥਾਵਾਂ 'ਤੇ ਹੀ ਪਟਾਕੇ ਵੇਚਣ ਲਈ ਜਾਰੀ ਕੀਤੇ ਗਏ ਹਨ। ਇਸ ਦੌਰਾਨ ਉਨ੍ਹਾਂ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ 22 ਸਤੰਬਰ 2023 ਨੂੰ ਜਾਰੀ ਹਦਾਇਤਾਂ ਦੀ ਪੂਰੀ ਤਰ੍ਹਾਂ ਪਾਲਣਾ, ਪਟਾਖੇ ਵੇਚਣ ਵਾਲੀਆਂ ਥਾਵਾਂ @ਤੇ ਸਟਾਲਾਂ ਦੀ ਬਣਤਰ ਅਤੇ ਸੁਰੱਖਿਆ ਨਿਯਮਾਂ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਦੋ ਥਾਵਾਂ ਬਲਾਕ ਸੰਮਤੀ ਸਟੇਡੀਅਮ ਦਸੂਹਾ ਅਤੇ ਕੋਟ ਫਤੂਹੀ ਦੀ ਬਿੰਜੋ ਰੋਡ 'ਤੇ ਖਾਲੀ ਪਈਆਂ ਥਾਵਾਂ ਲਈ ਕੋਈ ਅਰਜ਼ੀ ਪ੍ਰਾਪਤ ਨਹੀਂ ਹੋਈ ਹੈ। ਉਨ੍ਹਾਂ ਦੱਸਿਆ ਕਿ ਬਲਾਕ ਸੰਮਤੀ ਸਟੇਡੀਅਮ ਦਸੂਹਾ ਦੇ ਤਿੰਨ ਲਾਇਸੰਸਾਂ ਵਿਚੋਂ ਦੋ ਲਾਇਸੰਸ ਮਹਾਂਰਿਸ਼ੀ ਵਾਲਮੀਕਿ ਪਾਰਕ ਦਸੂਹਾ ਅਤੇ ਇਕ ਲਾਇਸੰਸ ਦੁਸਹਿਰਾ ਗਰਾਊਂਡ ਗੜ੍ਹਦੀਵਾਲਾ ਵਿਖੇ ਤਬਦੀਲ ਕਰ ਦਿੱਤਾ ਗਿਆ ਹੈ। ਇਸੇ ਤਰ੍ਹਾਂ ਕੋਟ ਫਤੂਹੀ ਵਿਚ ਬਿੰਜੋ ਰੋਡ 'ਤੇ ਖਾਲੀ ਪਈ ਜਗ੍ਹਾ ਲਈ ਜਾਰੀ ਕੀਤੇ ਦੋ ਲਾਇਸੰਸਾਂ ਨੂੰ ਮਿਲਟਰੀ ਗਰਾਊਂਡ, ਗੜ੍ਹਸ਼ੰਕਰ ਵਿਚ ਤਬਦੀਲ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਪਟਾਖਾ ਵਿਕਰੇਤਾ ਆਰਜ਼ੀ ਲਾਇਸੰਸ ਅਤੇ ਨਿਰਧਾਰਤ ਥਾਵਾਂ ਤੋਂ ਬਾਹਰ ਪਟਾਖ਼ੇ ਵੇਚਦਾ ਪਾਇਆ ਗਿਆ ਤਾਂ ਉਸ ਵਿਰੁੱਧ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ 4 ਤੋਂ 12 ਨਵੰਬਰ ਤੱਕ ਪਟਾਖੇ ਵੇਚਣ ਦਾ ਸਮਾਂ ਸਵੇਰੇ 10 ਵਜੇ ਤੋਂ ਸ਼ਾਮ 7:30 ਵਜੇ ਤੱਕ ਨਿਰਧਾਰਿਤ ਕੀਤਾ ਗਿਆ ਹੈ।

ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਦੱਸਿਆ ਕਿ ਅੱਜ ਕੱਢੇ ਗਏ ਡਰਾਅ ਵਿਚ ਹੁਸ਼ਿਆਰਪੁਰ ਸਬ-ਡਵੀਜ਼ਨ ਵਿਚ ਦੁਸਹਿਰਾ ਗਰਾਊਂਡ (ਨਵੀਂ ਆਬਾਦੀ) ਹੁਸ਼ਿਆਰਪੁਰ ਲਈ 14, ਜ਼ਿਲ੍ਹਾ ਪ੍ਰੀਸ਼ਦ ਮਾਰਕੀਟ (ਅੱਡਾ ਮਾਹਿਲਪੁਰ ਹੁਸ਼ਿਆਰਪੁਰ) ਲਈ 6, ਰੋਸ਼ਨ ਗਰਾਊਂਡ ਹੁਸ਼ਿਆਰਪੁਰ ਲਈ 2, ਰਾਮ ਲੀਲਾ ਗਰਾਊਂਡ ਹਰਿਆਣਾ ਲਈ 3, ਬੁੱਲੋਵਾਲ ਖੁੱਲ੍ਹੀ ਥਾਂ ਲਈ ਇਕ ਅਤੇ ਚੱਬੇਵਾਲ ਖੁੱਲ੍ਹੀ ਥਾਂ ਲਈ ਇਕ ਲਾਇਸੰਸ ਜਾਰੀ ਕੀਤਾ ਗਿਆ। ਸਬ-ਡਵੀਜ਼ਨ ਗੜ੍ਹਸ਼ੰਕਰ ਲਈ ਮਿਲਟਰੀ ਗਰਾਊਂਡ ਲਈ 6, ਮਾਹਿਲਪੁਰ ਫਗਵਾੜਾ ਰੋਡ ਤੇ ਸਥਿਤ ਨਗਰ ਪੰਚਾਇਤ ਮਾਹਿਲਪੁਰ ਦੀ ਮਲਕੀਅਤ ਵਾਲੀ ਜਗ੍ਹਾ ਲਈ 3 ਲਾਇਸੰਸ ਜਾਰੀ ਕੀਤੇ ਗਏ। ਸਬ-ਡਵੀਜ਼ਨ ਦਸੂਹਾ ਵਿਚ ਮਹਾਰਿਸ਼ੀ ਵਾਲਮੀਕਿ ਪਾਰਕ ਦਸੂਹਾ ਲਈ 4, ਦੁਸਹਿਰਾ ਗਰਾਊਂਡ ਗੜ੍ਹਦੀਵਾਲਾ ਲਈ 3, ਖਾਲਸਾ ਕਾਲਜ ਗਰਾਊਂਡ ਗੜ੍ਹਦੀਵਾਲਾ ਲਈ 2, ਸ਼ਿਮਲਾ ਪਹਾੜੀ ਪਾਰਕ ਉੜਮੁੜ ਲਈ 3, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਟਾਂਡਾ ਦੀ ਗਰਾਊਂਡ ਲਈ 2 ਲਾਇਸੰਸ ਜਾਰੀ ਕੀਤੇ ਗਏ। ਇਸੇ ਤਰ੍ਹਾਂ ਮੁਕੇਰੀਆਂ ਸਬ-ਡਵੀਜ਼ਨ ਵਿਚ ਦੁਸਹਿਰਾ ਗਰਾਊਂਡ ਮੁਕੇਰੀਆਂ ਲਈ 2, ਦੁਸਹਿਰਾ ਗਰਾਊਂਡ ਹਾਜੀਪੁਰ ਲਈ 2, ਨਰਸਰੀ ਗਰਾਊਂਡ ਸੈਕਟਰ 3 ਤਲਵਾੜਾ ਲਈ 2 ਅਤੇ ਦੁਸਹਿਰਾ ਗਰਾਊਂਡ ਦਾਤਾਰਪੁਰ ਲਈ ਇਕ ਲਾਇਸੈਂਸ ਜਾਰੀ ਕੀਤਾ ਗਿਆ।



ਕਰਵਾਚੌਥ ਦਾ ਵਰਤ ਰੱਖ ਕੇ ਚੰਦਰਮਾਂ ਨੂੰ ਅਰਗ ਦਿੰਦੀਆਂ ਸੁਹਾਗਣਾਂ
ਫੋਟੋ- ਨਵਨੀਤ ਕੁਮਾਰ ਗੁਰਦਾਸਪੁਰ






lok bani (news Paper)
lokbani08@gmail.com
www.lokbani.com
mob:99155-94111

Head Office:
Lokbani Sangam complex,Milap chowk jalandhar
Mob. 99155-94111

ਮਾਲਕ, ਪ੍ਰਕਾਸ਼ਕ, ਪ੍ਰਿੰਟਰ ਤੇ ਸੰਪਾਦਕ ਅਮਨ ਮੇਹਰਾ ਨੇ 'ਲੋਕ ਬਾਣੀ' ਦਾ ਇਹ ਅੰਕ ਰਚਨਾ ਪ੍ਰਿੰਟਰ, ਰੇਲਵੇ ਰੋਡ ਜਲੰਧਰ (ਪੰਜਾਬ) ਤੋਂ ਛਪਵਾ ਕੇ ਦਫਤਰ 'ਲੋਕ ਬਾਣੀ' ਸੰਗਮ ਕੰਪਲੈਕਸ ਮਿਲਾਪ ਚੌਂਕ ਜਲੰਧਰ (ਪੰਜਾਬ) ਤੋਂ ਪ੍ਰਕਾਸ਼ਤ ਕੀਤਾ।
RNI. PUNPUN/29016/2008

मालिक, प्रकाशक, प्रिंटर व संपादक अमन मेहरा ने लोक बाणी का यह अंक रचना प्रिंटर, रेलवे रोड जलंधर ( पंजाब ) से छपवाकर दफ्तर लोक बाणी संगम कंपलेक्स मिलाप चौक जलंधर ( पंजाब ) से प्रकाशित किया।
RNI. PUNPUN/29016/2008

Editor, printers and publisher Aman Mehra, Printed at Rachna printers, Railwy Road Jalandhar (punjab) Office lokbani, Sangam complex Milap Chowk Jalandhar (punjab)
RNI. PUNPUN/29016/2008

# ਵਿਕਾਸ ਕਾਰਜਾਂ ਦੀ ਲੜੀ ਤਹਿਤ ਵਾਰਡ ਨੰਬਰ 13 ਵਿੱਚ 5 ਲੱਖ ਰੁਪਏ ਦੀ ਲਾਗਤ ਨਾਲ ਕੰਮਾਂ ਦੀ ਹੋਈ ਸ਼ੁਰੂਆਤ

## ਸ਼ਹਿਰ ਨੂੰ ਸੁੰਦਰ ਬਣਾਉਣਾ ਸਾਡਾ ਇੱਕੋ ਇੱਕ ਮਕਸਦ- ਹਰਜੀਤ ਸਿੰਘ ਜੀਤਾ

ਲੋਕ ਬਾਣੀ/ ਸ਼੍ਰੀ ਅਨੰਦਪੁਰ ਸਾਹਿਬ 2 ਨਵੰਬਰ (ਦਵਿੰਦਰਪਾਲ ਸਿੰਘ)

:- ਕੈਬਿਨਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਸ਼੍ਰੀ ਅਨੰਦਪੁਰ ਸਾਹਿਬ ਨੂੰ ਟੂਰਿਜ਼ਮ ਹੱਬ ਬਣਾਉਣ ਲਈ ਜਿੱਥੇ ਅਣਥੱਕ ਯਤਨ ਕੀਤੇ ਜਾ ਰਹੇ ਹਨ, ਉਥੇ ਹੀ ਸ਼ਹਿਰ ਦੇ ਅੰਦਰੂਨੀ ਹਿੱਸਿਆਂ ਦੇ ਵਿਕਾਸ ਲਈ ਵੀ ਕੋਈ ਕਮੀ ਨਹੀਂ ਛੱਡੀ ਜਾ ਰਹੀ ਹੈ, ਇਨਾਂ ਵਿਚਾਰਾਂ ਦਾ ਪ੍ਰਗਟਾਵਾ ਨਗਰ ਕੌਂਸਲ ਦੇ ਪ੍ਰਧਾਨ ਹਰਜੀਤ ਸਿੰਘ ਜੀਤਾ ਨੇ ਵਾਰਡ ਨੰਬਰ 13 ਦੇ ਵਿਕਾਸ ਕਾਰਜਾਂ ਦੀ ਅਰੰਭਤਾ ਮੌਕੇ ਕੀਤਾ,ਉਨਾਂ ਕਿਹਾ ਕਿ ਹਲਕਾ ਵਿਧਾਇਕ ਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾਂ ਹੇਠ ਸ਼੍ਰੀ ਅਨੰਦਪੁਰ ਸਾਹਿਬ ਦਾ ਵਿਕਾਸ ਲਗਾਤਾਰ ਜਾਰੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਸ਼ਹਿਰ ਦਾ ਵਿਕਾਸ ਵੱਡੇ ਪੱਧਰ ਤੇ ਜਾਰੀ ਰਹੇਗਾ, ਉਨਾਂ ਦੱਸਿਆ ਕਿ ਇਸੇ ਲੜੀ ਤਹਿਤ ਅੱਜ ਸ਼੍ਰੀ ਅਨੰਦਪੁਰ ਸਾਹਿਬ ਦੇ ਵਾਰਡ ਨੰਬਰ 13 ਵਿੱਚ ਤਕਰੀਬਨ 5 ਲੱਖ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜਾਂ ਦੀ ਸ਼ੁਰੂਆਤ ਕੀਤੀ ਗਈ ਹੈ। ਉਨਾਂ ਕਿਹਾ ਕਿ ਇਸ ਵਾਰਡ ਵਿਚ ਗਲੀਆਂ ਅਤੇ ਨਾਲੀਆਂ ਦੀ ਪੂਰੀ ਤਰਾਂ ਮੁਰੰਮਤ ਕੀਤੀ ਜਾਵੇਗੀ ਅਤੇ ਕਈ ਕਈ ਜਗ੍ਹਾ ਨਾਲੀਆਂ ਨੂੰ ਦੁਬਾਰਾ ਬਣਾਇਆ ਜਾਵੇਗਾ ਤਾਂ ਜੋ ਵਾਰਡ ਦੇ ਵਸਨੀਕਾਂ ਨੂੰ ਕਿਸੇ ਵੀ ਤਰਾਂ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ,ਉਨਾਂ ਕਿਹਾ ਕਿ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਸ਼ਹਿਰ ਨੂੰ ਟੂਰਿਜ਼ਮ ਹੱਬ ਬਣਾਉਣ ਲਈ ਅਨੇਕਾਂ ਯਤਨ ਕੀਤੇ



ਜਾ ਰਹੇ ਹਨ ਜਿਸ ਦੇ ਤਹਿਤ ਪੰਜ ਪਿਆਰਾ ਪਾਰਕ ਦਾ ਸੁੰਦਰੀਕਰਨ ਕਰਵਾਇਆ ਗਿਆ ਓਥੇ ਹੀ ਭਾਈ ਜੈਤਾ ਜੀ ਦੀ ਯਾਦਗਾਰ, ਕੁਦਰਤੀ ਪਾਰਕ ਤੇ ਸੂਚਨਾ ਕੇਂਦਰ ਜਿਹੇ ਕਈ ਪ੍ਰੋਜੈਕਟ ਆਉਣ ਵਾਲੇ ਸਮੇਂ ਵਿੱਚ ਲੋਕ ਅਰਪਣ ਹੋਣਗੇ,ਪ੍ਰਧਾਨ ਜੀਤਾ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਵਾਰਡ ਨੰ:4,ਵਾਰਡ ਨੰ:3,ਵਾਰਡ ਨੰ:2,ਵਾਰਡ ਨੰ:7,ਵਾਰਡ ਨੰ:11 ਵਿੱਚ ਵੀ ਵਿਕਾਸ ਕਾਰਜ ਸ਼ੁਰੂ ਹੋ ਚੁੱਕੇ ਹਨ ਜਿੱਥੇ ਕੀ ਕੰਮ ਤੇਜੀ ਨਾਲ ਚੱਲ ਰਿਹਾ ਹੈ।ਉਨਾਂ ਕਿਹਾ ਕਿ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦਾ ਇੱਕੋ ਇੱਕ ਸੁਪਨਾ ਹੈ ਕਿ ਉਹ ਇਸ ਨਗਰੀ ਦਾ ਸਰਬਪੱਖੀ ਵਿਕਾਸ ਕਰਕੇ ਸ਼੍ਰੀ ਅਨੰਦਪੁਰ ਸਾਹਿਬ ਸ਼ਹਿਰ ਨੂੰ ਦੁਨੀਆ ਦਾ ਸਭ ਤੋਂ ਸੁੰਦਰ ਸ਼ਹਿਰ ਬਣਾਉਣਾ ਹੈ ਇਸ ਲਈ ਨਗਰ ਕੌਂਸਲ ਵੱਲੋਂ ਵੀ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਲਈ ਪੂਰਾ ਜੋਰ ਲਾਇਆ ਹੈ ਤੇ ਆਉਣ ਵਾਲੇ ਸਮੇਂ ਵਿੱਚ ਸ਼ਹਿਰ ਵਾਸੀਆਂ ਨੂੰ ਸਾਫ ਸਫਾਈ ਸੰਬੰਧੀ ਆਉਂਦੀ ਸਮੱਸਿਆ ਤੋਂ ਪੂਰੀ ਤਰਾਂ ਨਿਜਾਤ ਮਿਲ ਜਾਵੇਗੀ।ਉਨਾਂ ਸ਼ਹਿਰ ਵਾਸੀਆਂ ਨੂੰ ਵੀ ਅਪੀਲ ਕਰਦਿਆਂ ਕਿਹਾ ਕਿ ਸਫਾਈ ਸੰਬੰਧੀ ਉਹ ਨਗਰ ਕੌਂਸਲ ਤੇ ਕੌਂਸਲ ਦੇ ਅਧਿਕਾਰੀਆਂ ਦਾ ਸਾਥ ਦੇਣ ਤਾਂ ਜੋ ਅਸੀਂ ਆਪਣੇ ਸ਼ਹਿਰ ਨੂੰ ਸੁੰਦਰ ਸ਼ਹਿਰ ਬਣਾਉਣ ਵਿੱਚ ਕਾਮਯਾਮ ਹੋ ਸਕੀਏ।ਇਸ ਮੌਕੇ ਵਾਰਡ ਨੰਬਰ 13 ਦੇ ਕੌਂਸਲਰ ਗੁਰਿੰਦਰ ਸਿੰਘ ਬੰਟੀ ਵਾਲੀਆ ਨੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਤੇ ਨਗਰ ਕੌਂਸਲ ਪ੍ਰਧਾਨ ਹਰਜੀਤ ਸਿੰਘ ਜੀਤਾ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਈ.ਓ ਹਰਬਖਸ਼ ਸਿੰਘ,ਸੈਨਟਰੀ ਇੰਸਪੈਕਟਰ ਮਦਨ ਲਾਲ,ਤਜਿੰਦਰ ਸਿੰਘ,ਸਤਵੰਤ ਸਿੰਘ ਰਿਟਾ ਬੈਂਕ ਮੈਨੇਜਰ,ਸੁਨੀਲ ਕੁਮਾਰ, ਇੰਸਪੈਕਟਰ ਦਰਸ਼ਨ ਸਿੰਘ,ਰਾਮ ਸਿੰਘ ਰਾਮੂ,ਪ੍ਰਿੰ:ਰਣਜੀਤ ਸਿੰਘ,ਪ੍ਰੀਤਮ ਪਾਲ ਸਿੰਘ ਫੂਲ,ਐਮ.ਸੀ ਕਮਲਜੀਤ, ਡਾ:ਮਨਜੀਤ ਸਿੰਘ ਲੱਕੀ ,ਜੁਗਲ ਕਿਸ਼ੋਰ ਸੋਨੀ,ਰਕੇਸ਼ ਕੁਮਾਰ ਸੋਨੀ,ਪਰਮਜੀਤ ਸਿੰਘ ਵਾਲੀਆ,ਵੀਰ ਦਵਿੰਦਰ ਸਿੰਘ ਵਾਲੀਆ,ਬੀਬੀ ਦਲਜੀਤ ਕੌਰ ਜਰਮਨੀ,ਬੀਬੀ ਮਹਿੰਦਰ ਕੌਰ,ਬੀਬੀ ਸਰਬਜੀਤ ਕੌਰ, ਬੀਬੀ ਕੁਲਵਿੰਦਰ ਕੌਰ,ਬੀਬੀ ਗੁਰਮੀਤ ਕੌਰ, ਬੀਬੀ ਰਣਬੀਰ ਕੌਰ,ਬੀਬੀ ਪਰਮਜੀਤ ਕੌਰ, ਸੀਮਾ, ਰਾਜੂ ਧੀਮਾਨ,ਠੇਕੇਦਾਰ ਜਗਜੀਤ ਸਿੰਘ ਜੱਗੀ,ਤਲਵਿੰਦਰ ਸਿੰਘ ਵਾਲੀਆ,ਪੱਪੂ,ਬਲਵਿੰਦਰ ਸਿੰਘ,ਠੇਕੇਦਾਰ ਸੁਖਦੇਵ ਸਿੰਘ ਤੇ ਵਾਰਡ ਵਾਸੀ ਮੌਜੂਦ ਸਨ।

# ਭਾਰਤ-ਪਾਕਿ ਸਰਹੱਦ ਤੋਂ 25 ਕਿਲੋਮੀਟਰ ਦੇ ਦਾਇਰੇ ਅੰਦਰ ਡਰੋਨ ਉਡਾਉਣ 'ਤੇ ਪਾਬੰਦੀ ਲਗਾਈ

ਲੋਕ ਬਾਣੀ/ ਗੁਰਦਾਸਪੁਰ-ਨਵਨੀਤ ਕੁਮਾਰ-



ਵਧੀਕ ਜ਼ਿਲਾ ਮੈਜਿਸਟਰੇਟ ਗੁਰਦਾਸਪੁਰ ਸ੍ਰੀ ਸੁਭਾਸ਼ ਚੰਦਰ ਨੇ ਜਾਬਤਾ ਫੌਜਦਾਰੀ ਸੰਘਤਾ 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲਾ ਗੁਰਦਾਸਪੁਰ ਵਿੱਚ ਹਿੰਦ-ਪਾਕਿ ਅੰਤਰਰਾਸ਼ਟਰੀ ਸਰਹੱਦ ਤੋਂ ਜ਼ਿਲਾ ਗੁਰਦਾਸਪੁਰ ਦੇ ਪਾਸੇ 25 ਕਿਲੋਮੀਟਰ ਦੇ ਦਾਇਰੇ ਅੰਦਰ ਅੱਤਵਾਦ ਗਤੀਵਿਧੀਆਂ ਅਤੇ ਹਰ ਤਰਾਂ ਦੀ ਸਮਗਲਿੰਗ ਨੂੰ ਰੋਕਣ ਲਈ ਡਰੋਨ ਉਡਾਉਣ 'ਤੇ ਸਖਤ ਪਾਬੰਦੀ ਲਗਾ ਦਿੱਤੀ ਹੈ। ਮਾਮਲੇ ਦੀ ਗੰਭੀਰਤਾ ਨੂੰ ਮੁੱਖ ਰੱਖਦਿਆਂ ਇਹ ਹੁਕਮ ਇੱਕ ਤਰਫ਼ਾ ਪਾਸ ਕੀਤਾ ਗਿਆ ਹੈ। ਮਨਾਹੀ ਦੇ ਇਸ ਹੁਕਮ ਦੀ ਉਲੰਘਣਾਂ ਕਰਨ ਵਾਲੇ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਪਬੰਦੀ ਦਾ ਇਹ ਹੁਕਮ 1 ਨਵੰਬਰ 2023 ਤੋਂ 30 ਦਸੰਬਰ 2023 ਤੱਕ ਲਾਗੂ ਰਹੇਗਾ।

# ਰੁਸਿਆਂ ਨੂੰ ਮਨਾ ਕੇ ਕਾਂਗਰਸ ਦੀ ਮਜਬੂਤੀ ਲਈ ਕੀਤਾ ਜਾਵੇਗਾ ਕਾਰਜ -ਕਮਲਦੀਪ ਸੈਣੀ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ, 2 ਨਵੰਬਰ (ਦਵਿੰਦਰਪਾਲ ਸਿੰਘ):

ਰੁੱਸੇ ਹੋਏ ਵਰਕਰਾਂ ਨੂੰ ਮਨਾ ਕੇ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਤਿਆਰੀਆਂ ਕੀਤੀਆਂ ਜਾਣਗੀਆਂ ਤਾਂ ਜੋ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਤੰਗ ਆਏ ਲੋਕਾਂ ਨੂੰ ਸੁੱਖ ਦਾ ਸਾਹ ਦਵਾਇਆ ਜਾ ਸਕੇ। ਇਸ ਗੱਲ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਦੀ ਨਵ ਨਿਯੁਕਤ ਮੰਡਲ ਪ੍ਰਧਾਨ ਕਮਲਦੀਪ ਸੈਣੀ ਨੇ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਹਨਾਂ ਕਿਹਾ ਕਿ ਸਾਬਕਾ ਸਪੀਕਰ ਅਤੇ ਕਾਂਗਰਸ ਦੇ ਸੀਨੀਅਰ ਆਗੂ ਰਾਣਾ ਕੇਪੀ ਸਿੰਘ ਵੱਲੋਂ ਦਿੱਤੀ ਗਈ ਇਸ ਜਿੰਮੇਵਾਰੀ ਨੂੰ ਜਿੱਥੇ ਮੈਂ ਪੂਰੀ ਇਮਾਨਦਾਰੀ ਦ੍ਰਿੜਤਾ ਤੇ ਲਗਨ ਨਾਲ ਨਿਭਾਵਾਂਗੀ ਉੱਥੇ ਕਾਂਗਰਸ ਦੇ ਆਪਣੇ ਘਰ ਤੋਂ ਦੂਰ ਜਾ ਰਹੇ ਵਰਕਰਾਂ ਨੂੰ



ਮਨਾ ਕੇ ਦੁਬਾਰਾ ਪਾਰਟੀ ਵਿੱਚ ਦੀ ਭਲਾਈ ਲਈ ਕੰਮ ਕਰਨ ਲਈ ਤਿਆਰ ਕਰਨਾ ਮੇਰੀ ਮੁੱਖ ਜਿੰਮੇਵਾਰੀ ਹੋਵੇਗੀ. ਉਹਨਾਂ ਕਿਹਾ ਲਗਾਤਾਰ ਮੀਟਿੰਗਾਂ ਦਾ ਸਿਲਸਿਲਾ ਜਾਰੀ ਕਰਕੇ ਵਰਕਰਾਂ ਵਿੱਚ ਨਵੀਂ ਰੂਹ ਫੂਕੀ ਜਾਵੇਗੀ ਤਾਂ ਜੋ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਪਾਰਟੀ ਉਮੀਦਵਾਰ ਨੂੰ ਜਿਤਾ ਕੇ ਭੇਜਿਆ ਜਾਵੇ। ਇੱਕ ਸਵਾਲ ਦੇ ਜਵਾਬ ਵਿੱਚ ਮੰਡਲ ਪ੍ਰਧਾਨ ਕਮਲਦੀਪ ਸੈਣੀ ਨੇ ਕਿਹਾ ਕਿ ਨਵੀਂ ਸਰਕਾਰ ਦੇ ਆਉਂਦੀਆਂ ਹੀ ਪੰਜਾਬ ਵਿੱਚ ਅਮਨ ਕਾਨੂੰਨ ਖੰਭ ਲਾ ਕੇ ਉੱਡ ਗਿਆ ਹੈ.ਸਮੁੱਚੇ ਪੰਜਾਬ ਵਿੱਚ ਕਤਲੋਗਾਰਤ ਲੁੱਟ ਖੋ ਚੋਰੀਆਂ ਦੀਆਂ ਵਾਰਦਾਤਾਂ ਵਿੱਚ ਬੇ ਅਥਾਹ ਵਾਧਾ ਹੋਇਆ ਹੈ। ਨਸ਼ੇ ਦੀਆਂ ਓਵਰਡੋਜ ਨਾਲ ਪੰਜਾਬ ਦੀ ਜਵਾਨੀ ਖਤਮ ਹੁੰਦੀ ਜਾ ਰਹੀ ਹੈ ਪਰ ਅਫਸੋਸ ਆਮ ਆਦਮੀ ਪਾਰਟੀ ਸਰਕਾਰ ਇਸ ਸਬੰਧੀ ਕੁਝ ਵੀ ਨਹੀਂ ਕਰ ਰਹੀ ਉਹਨਾਂ ਕਿਹਾ ਅੱਜ ਲੋਕ ਕਾਂਗਰਸ ਦੀ ਸਰਕਾਰ ਨੂੰ ਦੁਬਾਰਾ ਯਾਦ ਕਰ ਰਹੇ ਹਨ. ਕਾਂਗਰਸ ਪਾਰਟੀ ਪੰਜਾਬ ਦੀ ਜਨਤਾ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੀ ਰਹੀ ਹੈ ਅਤੇ ਲਗਾਤਾਰ ਖੜਦੀ ਰਹੇਗੀ।

# ਰੋਹਿਤ ਰਾਣਾ ਨੇ ਤਿੰਨ ਗੋਲਡ ਮੈਡਲ ਜਿੱਤ ਕੇ ਸ੍ਰੀ ਅਨੰਦਪੁਰ ਸਾਹਿਬ ਦਾ ਨਾਂ ਕੀਤਾ ਰੋਸ਼ਨ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ 2 ਨਵੰਬਰ(ਦਵਿੰਦਰਪਾਲ ਸਿੰਘ)



ਥਾਈਲੈਂਡ ਵਿਖੇ ਮਿਸਟਰ ਯੂਨੀਵਰਸ 2023 ਨਾ ਦੇ ਟਾਈਟਲ ਹੇਠ ਇੰਟਰਨੈਸ਼ਨਲ ਇਵੈਂਟ ਕਰਵਾਇਆ ਗਿਆ। ਇਸ ਇਵੈਂਟ ਵਿੱਚ 100 ਖਿਡਾਰੀਆਂ ਨੇ ਭਾਗ ਲਿਆ। ਭਾਰਤ ਵੱਲੋਂ 30 ਖਿਡਾਰੀਆਂ ਨੇ ਇਸ ਇਵੈਂਟ ਵਿੱਚ ਹਿੱਸਾ ਲਿਆ। ਸ੍ਰੀ ਅਨੰਦਪੁਰ ਸਾਹਿਬ ਨਾਲ ਸਬੰਧਤ ਉੱਘੇ ਬਾਡੀ ਬਿਲਡਰ ਰੋਹਿਤ ਰਾਣਾ ਨੇ ਤਿੰਨ ਵਰਗਾਂ ਵਿੱਚ ਭਾਗ ਲਿਆ। ਉਹਨਾਂ ਨੈਚੁਰਲ ਬਾਡੀ ਬਿਲਡਿੰਗ (60-65), ਬਾਡੀ ਬਿਲਡਿੰਗ (60-60), ਮੈਨਜ ਫਿਜੀਕ ਵਰਗਾਂ ਵਿੱਚ ਵਧੀਆ ਪ੍ਰਦਰਸ਼ਨ ਕਰਦਿਆਂ ਤਿੰਨ ਗੋਲਡ ਮੈਡਲ ਜਿੱਤ ਕੇ ਸ੍ਰੀ ਅਨੰਦਪੁਰ ਸਾਹਿਬ ਦਾ ਨਾਂ ਰੋਸ਼ਨ ਕੀਤਾ। ਸ੍ਰੀ ਅਨੰਦਪੁਰ ਸਾਹਿਬ ਪਹੁੰਚਣ ਤੇ ਉੱਘੇ ਸਮਾਜ ਸੇਵੀ ਦਿਨੇਸ਼ ਲੱਕੀ ਰਾਣਾ, ਲੱਕੀ ਜਿਮ ਦੇ ਮਾਲਕ ਨੇ ਅਤੇ ਸਮੂਹ ਮਾਰਕੀਟ ਵੱਲੋਂ ਉੱਘੇ ਬਾਡੀ ਬਿਲਡਰ ਰੋਹਿਤ ਰਾਣਾ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਉਹਨਾਂ ਨੂੰ ਇਸ ਵਿਸ਼ੇਸ਼ ਪ੍ਰਾਪਤੀ ਤੇ ਮੁਬਾਰਕਬਾਦ ਵੀ ਦਿੱਤੀ ਗਈ।ਇਸ ਮੌਕੇ ਉੱਘੇ ਕਿਸਾਨ ਆਗੂ ਜੈਮਲ ਸਿੰਘ ਭੜੀ, ਦੀਪਕ ਸੈਕਟਰੀ,ਅਨੁਜ ਬਜਾਜ, ਸੰਜੂ ਬੀਡੀਪੀਓ, ਜਗਰੂਪ ਸਰਪੰਚ, ਜਸਪ੍ਰੀਤ ਸਿੰਘ ਜੱਸਾ ਮਟੋਰੀਆ, ਕਾਕੂ ਮਟੋਰੀਆ, ਸੰਜੀਵਨ ਰਾਣਾ ਸਰਪੰਚ, ਪਵਨ ਜੈਲਦਾਰ, ਕੇਸ਼ਵਰਾਣਾ, ਬਿਕਰਮ ਸਿੰਘ ਕੌਂਸਲਰ, ਬਹਾਦਰ ਪੰਚ, ਰਣਜੀਤ ਸਿੰਘ ਪ੍ਰਧਾਨ ਸਾਈਕਲਿੰਗ ਐਸੋਸੀਏਸ਼ਨ, ਅਜੇ ਬੈਂਸ ਰਾਜ ਘਈ, ਗੌਰਵ ਬਿਜਲੀ, ਰਿਕਾ ਰਾਣਾ ਐਡਵੋਕੇਟ ਸਾਹਲ ਪ੍ਰੈਸ਼ਰ, ਨਿਰੰਜਨ ਸਿੰਘ ਰਾਣਾ ਸਰਪੰਚ, ਗਗਨ ਮਾਸਟਰ ਅਸ਼ੋਕ ਰਾਜਪੂਤ ਆਦਿ ਹਾਜ਼ਰ ਸਨ।

# ਬੰਦੀ ਛੋੜ ਦਿਵਸ ਮੌਕੇ 10 ਨਵੰਬਰ ਨੂੰ ਦੋਹਾ ਕਤਰ ਵਿਖੇ ਲਗਾਇਆ ਜਾਵੇਗਾ ਵਿਸ਼ਾਲ ਖ਼ੂਨਦਾਨ ਕੈਂਪ: ਅੰਗਰੇਜ ਸਿੰਘ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ 2 ਨਵੰਬਰ(ਦਵਿੰਦਰਪਾਲ ਸਿੰਘ)



ਪੰਜਾਬ ਸੇਵਾ ਦਲ ਦੋਹਾ ਕਤਰ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 554ਵੇਂ ਪ੍ਰਕਾਸ਼ ਪੁਰਬ ਅਤੇ ਬੰਦੀ ਛੋੜ ਦਿਵਸ ਦੀਵਾਲੀ ਨੂੰ ਸਮਰਪਿਤ ਇੱਕ ਵਿਸ਼ਾਲ ਖ਼ੂਨਦਾਨ ਕੈਂਪ 10 ਨਵੰਬਰ ਨੂੰ ਦੋਹਾ ਕਤਰ ਵਿਖੇ ਲਗਾਇਆ ਜਾਵੇਗਾ ਜਿਸ ਦੀਆਂ ਤਿਆਰੀਆਂ ਜ਼ੋਰਾਂ ਸ਼ੋਰਾਂ ਨਾਲ ਜਾਰੀ ਹਨ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਅੰਗਰੇਜ ਸਿੰਘ (ਪੱਕੇ ਕਤਰ ਵਾਲੇ) ਨੇ ਦੱਸਿਆ ਕਿ ਇਹ ਵਿਸ਼ਾਲ ਖ਼ੂਨਦਾਨ ਕੈਂਪ ਕਤਰ ਨੈਸ਼ਨਲ ਬਲੱਡ ਸੈਂਟਰ (ਵੈਸਟ ਐਨਰਜੀ ਸੈਂਟਰ) ਵਿਖੇ 10 ਨਵੰਬਰ ਨੂੰ ਲਗਾਇਆ ਜਾਵੇਗਾ।ਉਨਾਂ ਦੱਸਿਆ ਕਿ ਇਸ ਖ਼ੂਨਦਾਨ ਕੈਂਪ ਵਿੱਚ ਰਜਿਸਟ੍ਰੇਸ਼ਨ ਕਰਵਾਉਣ ਲਈ ਸਾਡੇ ਵਟਸਐਪ ਨੰਬਰ +974-5500-1073,+974-7775-0848,+974-3019-2898 ਤੇ ਆਪਣਾ ਪੂਰਾ ਨਾਮ,ਮੋਬਾਇਲ ਨੰਬਰ,ਬਲੱਡ ਗਰੁੱਪ ਤੇ ਹੋਰ ਜਾਣਕਾਰੀ ਭੇਜ ਸਕਦੇ ਹੋ।ਉਨਾਂ ਦੱਸਿਆ ਕਿ ਟਰਾਂਸਪੋਰਟੇਸ਼ਨ ਸਰਵਿਸ ਵੀ ਦਲ ਵੱਲੋਂ ਮੁਹੱਈਆ ਕਰਵਾਇਆ ਜਾਵੇਗਾ।ਜੇਕਰ ਕਿਸੇ ਨੂੰ ਵੀ ਟਰਾਂਸਪੋਰਟੇਸ਼ਨ ਸਰਵਿਸ ਸੰਬੰਧੀ ਕਿਸੇ ਤਰਾਂ ਦੀ ਜਾਣਕਾਰੀ ਦੀ ਲੋੜ ਹੋਵੇ ਉਹ ਸਾਡੇ ਮੋਬਾਇਲ ਨੰਬਰ +974-5075-8438 ਤੇ +974-6658-7128 ਇਨਾਂ ਨੰਬਰਾਂ ਤੇ ਸੰਪਰਕ ਕਰ ਸਕਦੇ ਹਨ।ਉਨਾਂ ਕਿਹਾ ਕਿ ਖ਼ੂਨਦਾਨ ਕੈਂਪ ਮਨੁੱਖਤਾ ਦੀ ਸੇਵਾ ਦੇ ਉਪਦੇਸ਼ ਨਾਲ ਲਗਾਇਆ ਜਾ ਰਿਹਾ ਹੈ ਤੇ ਆਉਣ ਵਾਲੇ ਸਮੇਂ ਵਿੱਚ ਵੀ ਇਹ ਕੈਂਪ ਵੱਡੇ ਪੱਧਰ ਤੇ ਲਗਾਏ ਜਾਣਗੇ।ਉਨਾਂ ਦੱਸਿਆ ਕਿ ਗੁਰੂ ਕਾ ਲੰਗਰ ਵੀ ਅਤੁੱਟ ਵਰਤਾਇਆ ਜਾਵੇਗਾ।ਉਨਾਂ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਾਰੀ ਸੰਗਤ 10 ਨਵੰਬਰ ਨੂੰ ਲੱਗਣ ਵਾਲੇ ਇਸ ਖ਼ੂਨਦਾਨ ਕੈਂਪ ਵਿੱਚ ਵੱਧ ਚੜ ਕੇ ਹਿੱਸਾ ਲਉ ਜੀ।

# ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਪ੍ਰਤੀ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਚੌਕਸ - ਰਾਜੇਸ਼ ਧੀਮਾਨ

## ਡੀ.ਸੀ. ਦੀ ਅਗਵਾਈ ਵਿੱਚ ਵੱਖ-ਵੱਖ ਟੀਮਾਂ ਨੇ ਖੇਤਾਂ ਵਿੱਚ ਪਰਾਲੀ ਨੂੰ ਲੱਗੀ ਅੱਗ ਨੂੰ ਬੁਝਾਇਆ

ਲੋਕ ਬਾਣੀ/ ਫ਼ਿਰੋਜ਼ਪੁਰ, 2 ਨਵੰਬਰ ਪ੍ਰਮੋਦ ਕੁਮਾਰ



ਜ਼ਿਲ੍ਹਾ ਪ੍ਰਸ਼ਾਸਨ ਫ਼ਿਰੋਜ਼ਪੁਰ ਵੱਲੋਂ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਆਈ.ਏ.ਐਸ. ਦੀ ਅਗਵਾਈ ਵਿੱਚ ਜਿੱਥੇ ਝੋਨੇ ਦੀ ਪਰਾਲੀ ਤੇ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਰੋਕਣ ਅਤੇ ਪਰਾਲੀ ਨੂੰ ਅੱਗ ਲਗਾਉਣ ਨਾਲ ਵਾਤਾਰਵਣ ਤੇ ਪੈਂਦੇ ਬੁਰੇ ਪ੍ਰਭਾਵਾਂ ਪ੍ਰਤੀ ਜ਼ਿਲ੍ਹੇ ਦੇ ਕਿਸਾਨਾਂ ਨੂੰ ਵੱਡੀ ਪੱਧਰ 'ਤੇ ਜਾਗਰੂਕ ਕੀਤਾ ਜਾ ਰਿਹਾ ਹੈ ਉੱਥੇ ਹੀ ਡਿਪਟੀ ਕਮਿਸ਼ਨਰ ਦੀ ਅਗਵਾਈ ਵਿੱਚ ਪ੍ਰਦੂਸ਼ਨ ਕੰਟਰੋਲ ਵਿਭਾਗ ਤੇ ਸੈਟੇਲਾਈਟ ਰਾਹੀਂ ਪ੍ਰਾਪਤ ਰਿਪੋਰਟਾਂ ਦੇ ਆਧਾਰ 'ਤੇ ਅੱਗ ਲੱਗਣ ਦੀਆਂ ਘਟਨਾਵਾਂ 'ਤੇ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ।

ਅੱਜ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ, ਐਸ.ਡੀ.ਐਮ. ਫ਼ਿਰੋਜ਼ਪੁਰ ਸ. ਗੁਰਮੰਦਰ ਸਿੰਘ, ਤਹਿਸੀਲਦਾਰ ਸ੍ਰੀ ਪ੍ਰਦੀਪ ਕੁਮਾਰ, ਨਾਇਬ ਤਹਿਸੀਲਦਾਰ ਸ੍ਰੀ ਰਾਕੇਸ਼ ਅਗਰਵਾਲ ਸਮੇਤ ਖੇਤੀਬਾੜੀ ਤੇ ਹੋਰ ਵਿਭਾਗਾਂ ਦੀਆਂ ਟੀਮਾਂ ਵੱਖ-ਵੱਖ ਪਿੰਡਾਂ ਵਿੱਚ ਅੱਗ ਵਾਲੀਆਂ ਥਾਵਾਂ ਮੌਕੇ 'ਤੇ ਪਹੁੰਚੀਆਂ ਅਤੇ ਫਾਇਰ ਬ੍ਰਿਗੇਡ ਤੇ ਸਥਾਨਕ ਲੋਕਾਂ ਦੀ ਮਦਦ ਨਾਲ ਖੇਤਾਂ ਵਿੱਚ ਪਰਾਲੀ ਨੂੰ ਲੱਗੀ ਅੱਗ ਬੁਝਾਈ ਗਈ। ਡਿਪਟੀ ਕਮਿਸ਼ਨਰ ਵੱਲੋਂ ਅੱਜ ਪਿੰਡ ਫ਼ਿਰੋਜ਼ਸ਼ਾਹ, ਮਾਛੀ ਬੁਗਰਾ, ਸਾਈਆਂ ਵਾਲਾ, ਸ਼ਾਹ ਵਾਲਾ, ਸਮੇਤ ਵੱਡੀ ਗਿਣਤੀ ਵਿੱਚ ਪਿੰਡਾਂ ਦਾ ਦੌਰਾ ਕੀਤਾ ਗਿਆ। ਉਨ੍ਹਾਂ ਵੱਲੋਂ ਉਪਰੋਕਤ ਪਿੰਡਾਂ ਵਿੱਚ ਕਿਸਾਨਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਪਰਾਲੀ ਨਾ ਸਾੜਣ ਬਾਰੇ ਪ੍ਰੇਰਿਤ ਕੀਤਾ ਗਿਆ। ਡਿਪਟੀ ਕਮਿਸ਼ਨਰ ਵੱਲੋਂ ਕਿਸਾਨਾਂ ਦੀਆਂ ਮੁਸ਼ਕਿਲਾਂ ਵੀ ਸੁਣੀਆਂ ਗਈਆਂ ਅਤੇ ਅਧਿਕਾਰੀਆਂ ਨੂੰ ਲੋੜਵੰਦ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਮਸ਼ੀਨਰੀ ਮੁਹੱਈਆ ਕਰਵਾਉਣ ਦੇ ਆਦੇਸ਼ ਦਿੱਤੇ ਗਏ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਰਾਲੀ ਸਾੜਣ ਦੀਆਂ ਘਟਨਾਵਾਂ ਉਤੇ ਕਾਬੂ ਪਾਉਣ ਲਈ ਪਰਾਲੀ ਪ੍ਰਬੰਧਨ ਲਈ ਵੱਡੀ ਪੱਧਰ 'ਤੇ ਮਸ਼ੀਨਰੀ ਮੁਹੱਈਆ ਕਰਵਾਈ ਗਈ ਹੈ। ਇਸ ਤੋਂ ਇਲਾਵਾ ਬੇਲਰਾਂ ਰਾਹੀਂ ਪਰਾਲੀ ਖੇਤਾਂ ਵਿੱਚੋਂ ਪਰਾਲੀ ਦੀਆਂ ਗੱਠਾਂ ਬਣਾਈਆਂ ਜਾ ਰਹੀਆਂ ਹਨ ਅਤੇ ਪਰਾਲੀ ਪ੍ਰਬੰਧਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾ ਕੇ ਪਰਾਲੀ ਪ੍ਰਬੰਧਨ ਲਈ ਅਤਿ-ਆਧੁਨਿਕ ਮਸ਼ੀਨਰੀ ਦੀ ਵਰਤੋਂ ਕਰਨੀ ਚਾਹੀਦੀ ਹੈ।

ਉਨ੍ਹਾਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਫਸਲ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾ ਕੇ ਵਾਤਾਵਰਣ ਗੰਧਲਾ ਹੋਣ ਬਚਾਉਣ ਵਿੱਚ ਆਪਣਾ ਯੋਗਦਾਨ ਪਾਉਣ ਅਤੇ ਅਜਿਹਾ ਕਰਨ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਵਧੇਗੀ ਤੇ ਜੀਵ ਜੰਤੂਆਂ /ਪ੍ਰਕਿਰਤੀ ਦਾ ਨੁਕਸਾਨ ਵੀ ਨਹੀਂ ਹੋਵੇਗਾ। ਇਸ ਮੌਕੇ ਹਾਜ਼ਰ ਕਿਸਾਨਾਂ ਨੇ ਡਿਪਟੀ ਕਮਿਸ਼ਨਰ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਵਾਤਾਵਰਣ ਦੀ ਸੰਭਾਲ ਲਈ ਜ਼ਿਲ੍ਹਾ ਪ੍ਰਸ਼ਾਸਨ/ਪੰਜਾਬ ਸਰਕਾਰ ਨੂੰ ਪੂਰਨ ਸਹਿਯੋਗ ਕਰਨਗੇ।

# ਖਾਲਸਾ ਕਾਲਜ ਵਿਖੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਅੰਤਰ ਕਾਲਜ ਕੁਸ਼ਤੀਆਂ ਦੇ ਮੁਕਾਬਲੇ ਹੋਏ ਸ਼ੁਰੂ

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਮੁੱਖ ਮਹਿਮਾਨ ਵਜੋਂ ਹੋਏ ਸ਼ਾਮਿਲ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ, 2 ਅਕਤੂਬਰ (ਦਵਿੰਦਰਪਾਲ ਸਿੰਘ)



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਾਂ ਹੇਠ ਚੱਲ ਰਹੀ ਸਥਾਨਕ ਵਿੱਦਿਅਕ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਅੰਤਰ ਕਾਲਜ ਕੁਸ਼ਤੀਆਂ ਦੇ ਮੁਕਾਬਲੇ (ਲੜਕੇ ਅਤੇ ਲੜਕੀਆਂ) ਅੱਜ ਹੋਏ ਸ਼ੁਰੂ, ਜਿਸ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਤੇ ਸਾਬਕਾ ਜਨਰਲ ਸਕੱਤਰ ਭਾਈ ਅਮਰਜੀਤ ਸਿੰਘ ਚਾਵਲਾ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਅਤੇ ਉਹਨਾਂ ਵੱਲੋਂ ਇਹਨਾਂ ਮੁਕਾਬਲਿਆਂ ਦਾ ਰਸਮੀ ਆਗਾਜ਼ ਕੀਤਾ ਗਿਆ। ਭਾਈ ਅਮਰਜੀਤ ਸਿੰਘ ਚਾਵਲਾ ਨੇ ਕਿਹਾ ਕਿ ਖੇਡਾਂ ਨੂੰ ਪ੍ਰਫੁੱਲਿਤ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਮੇਸ਼ਾ ਹੀ ਯਤਨਸ਼ੀਲ ਹੈ ਅਤੇ ਇਸੇ ਦੇ ਚਲਦਿਆਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਵੱਖੋ ਵੱਖਰੀਆਂ ਚੈਂਪੀਅਨਸ਼ਿਪਾਂ ਦੇ ਮੁਕਾਬਲਿਆਂ ਲਈ ਸ੍ਰੀ ਅਨੰਦਪੁਰ ਸਾਹਿਬ ਦੀ ਇਸ ਮੁਕੱਦਸ ਧਰਤੀ ਨੂੰ ਚੁਣਿਆ ਜਾਂਦਾ ਹੈ। ਉਹਨਾਂ ਕਿਹਾ ਕਿ ਸਾਡੇ ਲਈ ਇਹ ਮਾਣ ਵਾਲੀ ਗੱਲ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਨਾਮ ਤੇ ਚੱਲ ਰਿਹਾ ਇਹ ਕਾਲਜ ਖਿਡਾਰੀਆਂ ਦੇ ਲਈ ਵਧੀਆ ਪ੍ਰਬੰਧ ਕਰਦਾ ਹੈ ਤੇ ਉਹਨਾਂ ਦੀ ਪ੍ਰਤਿਭਾ ਨੂੰ ਨਿਖਾਰਨ ਦੇ ਲਈ ਖਿਡਾਰੀਆਂ ਨੂੰ ਵੱਡੇ ਮੌਕੇ ਪ੍ਰਦਾਨ ਕਰਦਾ ਹੈ। ਭਾਈ ਚਾਵਲਾ ਨੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ ਤੇ ਦ ਆਪਣੇ ਸੰਬੋਧਨ ਰਾਹੀਂ ਅਪੀਲ ਕੀਤੀ ਕਿ ਉਹ ਸੱਚੀ ਸੁੱਚੀ ਖੇਡ ਭਾਵਨਾ ਨਾਲ ਇਹਨਾਂ ਖੇਡ ਮੁਕਾਬਲਿਆਂ ਦੇ ਵਿੱਚ ਹਿੱਸਾ ਲੈਣ।

ਇਸ ਤੋਂ ਪਹਿਲਾਂ ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਵੱਲੋਂ ਮੁੱਖ ਮਹਿਮਾਨ ਭਾਈ ਅਮਰਜੀਤ ਸਿੰਘ ਚਾਵਲਾ ਨੂੰ ਜੀ ਆਇਆ ਕਿਹਾ ਗਿਆ। ਉਹਨਾਂ ਦੱਸਿਆ ਕਿ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਬੀਤੇ ਲੰਬੇ ਸਮੇਂ ਤੋਂ ਜਿੱਥੇ ਖੇਡਾਂ 'ਚ ਮੱਲਾਂ ਮਾਰ ਰਿਹਾ ਹੈ ਉਥੇ ਹੀ ਇਹ ਮਾਣ ਵਾਲੀ ਗੱਲ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇਹ ਅਦਾਰਾ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਇਹਨਾਂ ਖੇਡ ਮੁਕਾਬਲਿਆਂ ਨੂੰ ਕਰਵਾਉਣ ਲਈ ਆਪਣਾ ਬਣਦਾ ਯੋਗਦਾਨ ਪਾ ਰਿਹਾ ਹੈ।

ਉਹਨਾਂ ਦੱਸਿਆ ਕਿ ਇਹਨਾਂ ਮੁਕਾਬਲਿਆਂ ਦੇ ਵਿੱਚ ਤਕਰੀਬਨ 300 ਕਾਲਜਾਂ ਦੇ ਖਿਡਾਰੀ ਹਿੱਸਾ ਲੈ ਰਹੇ ਹਨ। ਇਸ ਖੇਡ ਚੈਂਪੀਅਨਸ਼ਿਪ ਦਾ ਆਯੋਜਨ ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਪ੍ਰੋ. ਅਸ਼ੋਕ ਕੁਮਾਰ ਦੀ ਦੇਖ-ਰੇਖ ਵਿੱਚ ਹੋ ਰਿਹਾ ਹੈ। ਇਸ ਮੌਕੇ ਮੰਚ ਸੰਚਾਲਨ ਪੰਜਾਬੀ ਵਿਭਾਗ ਦੇ ਮੁਖੀ ਪ੍ਰੋ. ਹਰਜਿੰਦਰ ਸਿੰਘ ਬਿਲਿੰਗ ਵੱਲੋਂ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਮਲਕੀਤ ਸਿੰਘ, ਡਾ. ਮਨਜੀਤ ਸਿੰਘ ਮੁਖੀ ਕਮਰਸ ਵਿਭਾਗ, ਡਾ. ਬਲਜੀਤ ਸਿੰਘ ਚਾਨਾ, ਜਥੇਦਾਰ ਸੁਰਿੰਦਰ ਸਿੰਘ ਮਟੌਰ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਚੀਫ ਕੋਚ (ਕੁਸ਼ਤੀਆਂ) ਅਵਤਾਰ ਸਿੰਘ, ਗੁਰਦੇਵ ਸਿੰਘ ਕਬੱਡੀ ਕੋਚ ਅਤੇ ਪ੍ਰੋ. ਰਣਵੀਰ ਕੌਰ ਸਰੀਰਕ ਸਿੱਖਿਆ ਵਿਭਾਗ ਵਿਸ਼ੇਸ਼ ਤੌਰ ਤੇ ਮੌਜੂਦ ਸਨ।

## ਸੰਤੋਸ਼ ਕਟਾਰੀਆ ਵਿਧਾਇਕ ਨੇ ਹਲਕਾ ਬਲਾਚੌਰ ਦੇ ਵਸਨੀਕਾਂ ਨੂੰ ਤਿਓਹਾਰਾਂ ਦੇ ਮੌਕੇ ਦਿੱਤੀਆਂ ਮੁਬਾਰਕਾਂ...

ਲੋਕ ਬਾਣੀ/ ਸਹੀਦ ਭਗਤ ਸਿੰਘ ਨਗਰ 02 ਨਵੰਬਰ



– ਸਮੂਹ ਹਲਕਾ ਬਲਾਚੌਰ ਦੇ ਵਸਨੀਕਾਂ ਨੂੰ ਨਵੰਬਰ ਮਹੀਨੇ ਵਿੱਚ ਲੜੀਵਾਰ ਆ ਰਹੇ ਤਿਉਹਾਰ ਧੰਨ ਤ੍ਰੇਦਸ਼ੀ, ਦਿਵਾਲੀ ਵਿਸ਼ਵਕਰਮਾ ਦਿਵਸ,ਬਾਬਾ ਬਲਰਾਜ ਛਿੰਝ ਮੇਲਾ ਤੇ ਗੁਰਪੁਰਬ ਦੇ ਪਾਵਨ ਪਵਿੱਤਰ ਤਿਉਹਾਰ ਤੇ ਮੁਬਾਰਕਾਂ ਦਿੱਤੀਆਂ ਤੇ ਹਲਕੇ ਦੇ ਸਮੂਹ ਦੁਕਾਨਦਾਰਾਂ ਭਰਾਵਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਵਾਜਾਈ ਦੇ ਨਿਯਮਾਂ ਦੀ ਪਾਲਣਾ ਕਰਦੇ ਹੋਏ ਦੁਕਾਨਾਂ ਬਾਹਰ ਸਮਾਨ ਘੱਟ ਤੋਂ ਘੱਟ ਲਗਾਉਣ ਤਾਂ ਜੋ ਲੋਕਾਂ ਨੂੰ ਬਜਾਰਾਂ ਵਿੱਚੋਂ ਲੰਘਣ ਲਈ ਦਿੱਕਤ ਪੇਸ਼ ਨਾ ਆਵੇ। ਦੁਕਾਨਦਾਰਾਂ ਭਰਾਵਾਂ ਨੂੰ ਪ੍ਰਸ਼ਾਸਨ ਦਾ ਸਾਥ ਦੇਣਾ ਚਾਹੀਦਾ ਹੈ ਤਾਂ ਕਿ ਕਈ ਵਾਰ ਕੋਈ ਬਿਮਾਰ ਵਿਆਕਤੀ ਜਿਆਦਾ ਬਜਾਰਾਂ ਵਿੱਚ ਭੀੜ ਹੋਣ ਕਰਕੇ ਇਲਾਜ ਤੋਂ ਬਾਂਝਾ ਨਾ ਰਹਿ ਜਾਵੇ। ਇਸ ਦੀ ਜਾਣਕਾਰੀ ਮੀਡੀਆ ਨੂੰ ਦਿੰਦੇ ਹੋਏ ਚੰਦਰ ਮੋਹਨ ਜੇਡੀ ਹਲਕਾ ਬਲਾਚੌਰ ਤੇ ਜਿਲ੍ਹਾ ਮੀਡੀਆ ਇੰਚਾਰਜ ਨੇ ਦੱਸਿਆ ਕਿ ਬੀਬੀ ਸੰਤੋਸ਼ ਕਟਾਰੀਆ ਵਿਧਾਇਕ ਦੀ ਅਗਵਾਈ ਹੇਠ ਬਲਾਚੌਰ ਪ੍ਰਸ਼ਾਸਨ ਹਲਕਾ ਵਾਸੀਆਂ ਨੂੰ ਪੂਰਾ ਸਹਿਯੋਗ ਦੇ ਰਿਹਾ ਹੈ ਤੇ ਸਮੂਹ ਹਲਕੇ ਦੇ ਲੋਕਾਂ ਨੂੰ ਵੀ ਉਹਨਾਂ ਦੀ ਮੱਦਦ ਕਰਨੀ ਚਾਹੀਦੀ ਹੈ। ਇਸ ਮੌਕੇ ਹਨੀ ਡੱਬ ਪ੍ਰਧਾਨ ਸ਼ਹਿਰ ਬਲਾਚੌਰ, ਗੁਰਪ੍ਰੀਤ ਗੋਪੀ ਸੈਣੀ, ਨਿਤਿਨ ਚੌਧਰੀ ਸੁਨੀਲ ਭੂੰਬਲਾ ਆਦਿ ਹਾਜ਼ਰ ਸਨ।

## ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁ: ਸ਼੍ਰੀ ਗੁਰੂ ਸਿੰਘ ਸਭਾ ਤੋਂ ਪ੍ਰਭਾਤ ਫੇਰੀਆਂ ਅਰੰਭ

ਲੋਕ ਬਾਣੀ/ ਸਹੀਦ ਭਗਤ ਸਿੰਘ ਨਗਰ 02 ਨਵੰਬਰ



ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਚੰਡੀਗੜ੍ਹ ਰੋਡ, ਨਵਾਂਸ਼ਹਿਰ ਦੀ ਪ੍ਰਬੰਧਕ ਕਮੇਟੀ ਵਲੋਂ ਸੰਗਤਾਂ ਦੇ ਸਹਿਯੋਗ ਸਦਕਾ ਸ਼੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਨੂੰ ਮੁੱਖ ਰੱਖਦਿਆਂ ਪ੍ਰਭਾਤਫੇਰੀਆਂ ਅਰੰਭ ਕਰ ਦਿੱਤੀਆਂ ਹਨ । ਗੁਰਦੁਆਰਾ ਸਾਹਿਬ ਦੇ ਸਕੱਤਰ ਸ. ਸੁਖਵਿੰਦਰ ਸਿੰਘ ਥਾਂਦੀ ਨੇ ਦੱਸਿਆ ਕਿ ਸੰਗਤਾਂ ਸਵੇਰੇ 4.30 ਵਜੇ ਗੁਰਦੁਆਰਾ ਸਾਹਿਬ ਤੋਂ ਚੱਲ ਕੇ ਸ਼ਹਿਰ ਦੀ ਪਰਿਕਰਮਾ ਵਿੱਚ ਕੀਰਤਨ ਕਰਦਿਆਂ ਅਤੇ ਜਿਨ੍ਹਾਂ ਪਰਿਵਾਰਾਂ ਨੇ ਪ੍ਰਭਾਤ ਫੇਰੀ ਦੀ ਸੇਵਾ ਲਈ ਹੋਈ ਹੈ ਉਹਨਾਂ ਦੇ ਘਰਾਂ ਵਿੱਚ ਸ਼ਬਦ ਚੌਂਕੀ ਲਗਾਉਂਦੀਆਂ ਸੰਗਤਾਂ 7.00 ਵਜੇ ਦੇ ਕਰੀਬ ਗੁਰਦੁਆਰਾ ਸਾਹਿਬ ਵਿਖੇ ਵਾਪਸ ਪਹੁੰਚਿਆ ਕਰਨਗੀਆਂ । ਉਨਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਇਸ ਸਾਲ ਇਹ ਪ੍ਰਭਾਤ ਫੇਰੀਆਂ 01 ਨਵੰਬਰ ਤੋਂ ਅਰੰਭ ਹੋ ਕੇ 26 ਨਵੰਬਰ ਤੱਕ ਕੱਢੀਆਂ ਜਾਣਗੀਆਂ । ਉਹਨਾਂ ਦੱਸਿਆ ਕਿ 25 ਨਵੰਬਰ ਨੂੰ ਗੁਰਦੁਆਰਾ ਸਾਹਿਬ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ ਅਤੇ 25 ਨਵੰਬਰ ਨੂੰ ਗੁਰਦੁਆਰਾ ਸਾਹਿਬ ਵਿਖੇ ਸ਼੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਜਿਨ੍ਹਾ ਦੇ ਭੋਗ 27 ਨਵੰਬਰ ਨੂੰ ਪ੍ਰਕਾਸ਼ ਪੁਰਬ ਵਾਲੇ ਦਿਨ ਪੈਣਗੇ ਉਪਰੰਤ ਸਵੇਰੇ ਅਤੇ ਸ਼ਾਮ ਕੀਰਤਨ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਪੰਥ ਦੇ ਪ੍ਰਸਿੱਧ ਰਾਗੀ ਜੱਥੇ ਅਤੇ ਕਥਾਵਾਚਕ ਹਾਜ਼ਰੀਆਂ ਭਰਣਗੇ । ਇਸ ਮੌਕੇ ਹੈਡ ਗ੍ਰੰਥੀ ਭਾਈ ਜਸਵਿੰਦਰ ਸਿੰਘ, ਹਰਸੁੱਖ ਪਾਲ ਸਿੰਘ ਗਰੇਵਾਲ, ਹਰਵਿੰਦਰ ਸਿੰਘ, ਅਮਰਜੀਤ ਸਿੰਘ ਖਾਲਸਾ, ਪਰਮਜੀਤ ਸਿੰਘ, ਇਸ਼ਪਾਲ ਸਿੰਘ ਸੇਠੀ, ਜਸਪ੍ਰੀਤ ਸਿੰਘ ਮਾਣਕ, ਤਰਲੋਚਨ ਸਿੰਘ, ਸਤਵੀਰ ਸਿੰਘ, ਰਾਜਵਿੰਦਰ ਕੌਰ, ਅਵਤਾਰ ਕੌਰ, ਕੁਲਵਿੰਦਰ ਕੌਰ, ਕਿਰਨ ਬਾਲਾ ਅਤੇ ਜਸਮੀਨ ਕੌਰ ਆਦਿ ਹਾਜ਼ਰ ਸਨ।

St. Soldier
GROUP OF INSTITUTIONS
SINCE 1958
EDUCATIONAL 64 YEARS EXCELLENCE
MORE THAN
•56 Colleges & Schools •200 Merit Positions
•125 Companies For Placements
•75 Academic Courses
•2000 Placements In 2022 - 2023
•42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565

# ਨਸ਼ਿਆਂ ਦੇ ਪੂਰੀ ਤਰ੍ਹਾਂ ਖਾਤਮੇ ਲਈ ਸਾਰਿਆਂ ਦਾ ਸਹਿਯੋਗ ਜ਼ਰੂਰੀ: ਡਿਪਟੀ ਕਮਿਸ਼ਨਰ

## ਜ਼ਿਲ੍ਹਾਂ ਪ੍ਰਬੰਧਕੀ ਕੰਪਲੈਕਸ ਵਿਖੇ ਐਨ.ਸੀ.ਓ.ਆਰ.ਡੀ. ਸਬੰਧੀ ਹੋਈ ਬੈਠਕ

ਲੋਕ ਬਾਣੀ/ ਸ਼ਹੀਦ ਭਗਤ ਸਿੰਘ ਨਗਰ 02 ਨਵੰਬਰ

ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਕਿਹਾ ਕਿ ਨਸ਼ਿਆਂ ਦੇ ਪੂਰੀ ਤਰ੍ਹਾਂ ਖਾਤਮੇ ਲਈ ਸਾਰਿਆਂ ਦਾ ਸਹਿਯੋਗ ਬੇਹੱਦ ਜ਼ਰੂਰੀ ਹੈ। ਨਸ਼ਿਆਂ ਨੂੰ ਰੋਕਣ ਲਈ ਪੁਲਿਸ ਵਲੋਂ ਵੀ ਲਗਾਤਾਰ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨਸ਼ਹੀਦ ਭਗਤ ਸਿੰਘ ਨਗਰ 02 ਨਵੰਬਰ ਅਤੇ ਸਮੇਂ ਸਮੇਂ 'ਤੇ ਨਸ਼ਾ ਤਸਕਰੀ ਕਰਨ ਵਾਲਿਆਂ 'ਤੇ ਪਰਚੇ ਵੀ ਦਰਜ ਕੀਤੇ ਜਾਂਦੇ ਹਨ। ਉਹ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਐਨ.ਸੀ.ਓ.ਆਰ.ਡੀ. ਸਬੰਧੀ ਬਣਾਈ ਗਈ ਕਮੇਟੀ ਨਾਲ ਮੀਟਿੰਗ ਕਰ ਰਹੇ ਸਨ। ਡਿਪਟੀ ਕਮਿਸ਼ਨਰ ਨੇ ਕਿਹਾ ਸਰਕਾਰ ਵੀ ਇਸ ਵਿਸ਼ੇ 'ਤੇ ਬਹੁਤ ਗੰਭੀਰ ਹੈ ਅਤੇ ਸਬੰਧਤ ਅਧਿਕਾਰੀਆਂ ਨੂੰ ਇਸ ਸਬੰਧੀ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਦੱਸਿਆ ਕਿ ਪੁਲਿਸ ਵਿਭਾਗ ਵਲੋਂ ਐਨ.ਡੀ.ਪੀ.ਐਸ ਐਕਟ ਤਹਿਤ ਸਤੰਬਰ 2023 ਵਿੱਚ ਨਸ਼ਾ ਤਸਕਰਾਂ ਦੇ ਖਿਲਾਫ਼ 25 ਮੁਕੱਦਮੇ ਦਰਜ ਕੀਤੇ



ਗਏ ਹਨ ਅਤੇ 25 ਦੋਸ਼ੀ ਗ੍ਰਿਫ਼ਤਾਰ ਕੀਤੇ ਗਏ ਹਨ, ਜਿਨ੍ਹਾਂ ਪਾਸੋਂ ਅਫੀਮ, ਹੈਰੋਈਨ, ਨਸ਼ੀਲੇ ਕੈਪਸੂਲ ਅਤੇ ਡਰੱਗ ਮਨੀ ਵੀ ਬਰਾਮਦ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਨਸ਼ਿਆਂ ਦੀ ਰੋਕਥਾਮ ਸਬੰਧੀ ਸਕੂਲਾਂ ਵਿੱਚ 18, ਕਾਲਜਾਂ ਵਿੱਚ 11,ਪਿੰਡ/ਮੁਹੱਲੇ ਅਤੇ ਸਾਂਝ ਕੇਂਦਰਾਂ ਵਿੱਚ 503, ਟੈਕਸੀ ਸਟੈਂਡ, ਟੈਂਪੂ ਯੂਨੀਅਨ/ਟਰੱਕ ਯੂਨੀਅਨ ਵਿੱਚ 10 ਸਮੇਤ ਕੁਲ 542 ਸੈਮੀਨਾਰ ਲਗਾਏ ਗਏ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੁਲਿਸ ਵਲੋਂ ਡਰੱਗ ਹੋਟਸਪੋਟ ਪਿੰਡ ਨੂੰ ਨਸ਼ਾ ਮੁਕਤ ਕਰਨ ਲਈ ਇਨ੍ਹਾਂ ਪਿੰਡਾਂ ਵਿੱਚ ਡਰੱਗ ਜਾਗਰੂਕਤਾ ਸੈਮੀਨਾਰ, ਮੀਟਿੰਗਾਂ ਅਤੇ ਕਮੇਟੀਆਂ ਬਣਾ ਕੇ ਪਿੰਡਾਂ ਨੂੰ ਨਸ਼ਾ ਮੁਕਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ 38 ਪਿੰਡਾਂ ਦੀਆਂ ਪੰਚਾਇਤਾਂ ਵਲੋਂ ਡਰੱਗ ਫਰੀ ਪਿੰਡ ਘੋਸ਼ਿਤ ਕਰਕੇ ਮਤੇ ਪਾਏ ਗਏ ਹਨ। ਸਿਹਤ ਵਿਭਾਗ ਵਲੋਂ ਜ਼ਿਲ੍ਹੇ ਦੇ 13 ਓਟ ਸੈਂਟਰਾਂ ਅਤੇ ਪ੍ਰਾਈਮਰੀ ਹੈਲਥ ਓਟ ਸੈਂਟਰਾਂ ਦੇ ਵਿੱਚ ਨਸ਼ਾ ਛੁਡਾਉਣ ਸਬੰਧੀ ਦਵਾਈਆਂ ਦਿੱਤੀਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ 7 ਨਸ਼ਾ ਛੁਡਾਊ ਕੇਂਦਰ ਅਤੇ ਰੀਹੈਬਲੀਟੇਸ਼ਨ ਸੈਂਟਰ ਵਿਖੇ ਇਲਾਜ ਕੀਤਾ ਜਾਂਦਾ ਹੈ। ਇਸ ਮੌਕੇ 'ਤੇ ਡੀ.ਐਸ.ਪੀ ਸੋਮ ਨਾਥ ਤੋਂ ਇਲਾਵਾ ਸਬੰਧਤ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

# ਪੋਸਟਰ ਮੇਕਿੰਗ ਅਤੇ ਸਲੋਗਨ ਰਾਈਟਿੰਗ ਮੁਕਾਬਲੇ ਦਾ ਆਯੋਜਨ

ਲੋਕ ਬਾਣੀ/ ਲੁਧਿਆਣਾ 02 ਨਵੰਬਰ 2023(ਸੁਖਚੈਨ ਮਹਿਰਾ)

ਮਨੁੱਖੀ ਕਦਰਾਂ-ਕੀਮਤਾਂ ਦੇ ਵਿਸ਼ੇ 'ਤੇ ਪੋਸਟਰ ਮੇਕਿੰਗ ਅਤੇ ਸਲੋਗਨ ਰਾਈਟਿੰਗ ਮੁਕਾਬਲੇ ਦਾ ਆਯੋਜਨ ਕੀਤਾ ਗਿਆ।




ਇਸ ਸਮਾਗਮ ਨੇ ਰੈੱਡ ਕਰਾਸ ਸੁਸਾਇਟੀ ਦੇ ਵਿਦਿਆਰਥੀਆਂ ਨੂੰ ਮਨੁੱਖੀ ਕਦਰਾਂ-ਕੀਮਤਾਂ ਜਿਵੇਂ ਕਿ ਦਇਆ, ਸ਼ਾਂਤੀ ਅਤੇ ਉਨ੍ਹਾਂ ਸਾਰਿਆਂ ਲਈ ਸਤਿਕਾਰ ਪੈਦਾ ਕਰਨ ਦੀ ਲੋੜ ਪ੍ਰਤੀ ਜਾਗਰੂਕ ਕਰਨ ਵਿੱਚ ਮਦਦ ਕੀਤੀ, ਜੋ ਕਿ ਇੱਕ ਤਰ੍ਹਾਂ ਨਾਲ ਰੈੱਡ ਕਰਾਸ ਸੋਸਾਇਟੀ I. E SERVE HUMANITY ਦੇ ਉਦੇਸ਼ ਨਾਲ ਸਬੰਧਤ ਹਨ, ਜਿਵੇਂ ਕਿ ਇਹ ਸਾਰੀਆਂ ਕਦਰਾਂ ਕੀਮਤਾਂ।ਲੋਕਾਂ ਦੀ ਸੇਵਾ ਕਰਨ ਦੀ ਲੋੜ ਹੈ।

ਪ੍ਰਿੰਸੀਪਲ ਪ੍ਰੋ (ਡਾ.) ਤਨਵੀਰ ਸਚਦੇਵ ਨੇ ਇਸ ਸਮਾਗਮ ਦੇ ਆਯੋਜਨ ਲਈ ਸਹਾਇਕ ਪ੍ਰੋ: ਅਨਾਮਿਕਾ, ਕਨਵੀਨਰ ਰੈੱਡ ਕਰਾਸ ਸੁਸਾਇਟੀ ਅਤੇ ਉਨ੍ਹਾਂ ਦੀ ਟੀਮ ਦੇ ਯਤਨਾਂ ਦੀ ਸ਼ਲਾਘਾ ਕੀਤੀ। ਵਿਦਿਆਰਥੀਆਂ ਨੂੰ ਮਨੁੱਖੀ ਕਦਰਾਂ-ਕੀਮਤਾਂ ਦੀ ਮਹੱਤਤਾ ਬਾਰੇ ਸੰਬੋਧਨ ਕਰਦਿਆਂ ਕਾਲਜ ਪ੍ਰਿੰਸੀਪਲ ਡਾ: ਤਨਵੀਰ ਲਿਖਾਰੀ ਨੇ ਜ਼ੋਰ ਦੇ ਕੇ ਕਿਹਾ ਕਿ ਮਨੁੱਖੀ ਕਦਰਾਂ-ਕੀਮਤਾਂ ਸਾਡੇ ਸੱਭਿਆਚਾਰ ਅਤੇ ਕਦਰਾਂ-ਕੀਮਤਾਂ ਦਾ ਹਿੱਸਾ ਹਨ, ਇਸ ਲਈ ਵਿਦਿਆਰਥੀਆਂ ਨੂੰ ਇਨ੍ਹਾਂ ਕਦਰਾਂ-ਕੀਮਤਾਂ ਨੂੰ ਆਪਣਾਉਣ ਲਈ ਪ੍ਰੇਰਿਤ ਕੀਤਾ।

ਇਸ ਸਮਾਗਮ ਲਈ ਸਹਾਇਕ ਪ੍ਰੋ: ਮੋਨਿਕਾ ਕਪਿਲਾ, ਸਹਾਇਕ ਪ੍ਰੋ: ਆਰਸੀ ਸੰਧੂ ਅਤੇ ਸਹਾਇਕ ਪ੍ਰੋ: ਲਖਵਿੰਦਰ ਜੱਜ ਸਨ। ਜੇਤੂਆਂ ਨੂੰ ਟਰਾਫੀਆਂ ਅਤੇ ਸਰਟੀਫਿਕੇਟ ਦਿੱਤੇ ਗਏ। ਪੋਸਟਰ ਮੇਕਿੰਗ ਵਿੱਚ ਨਿਤੀਸ਼ ਕਰਨ ਅਤੇ ਨੰਦਨੀ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਇਨਾਮ ਪ੍ਰਾਪਤ ਕੀਤਾ ਅਤੇ ਸਲੋਗਨ ਲਿਖਣ ਮੁਕਾਬਲੇ ਵਿੱਚ ਅਮਿਤ ਕੁਮਾਰ, ਅਨਮੋਲ ਅਤੇ ਰਿਸ਼ਭ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਇਨਾਮ ਜਿੱਤਿਆ।



# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦੇ ਵਿਦਿਆਰਥੀਆਂ ਦਾ ਵਿੱਦਿਅਕ ਟੂਰ ਲਗਾਇਆ ਗਿਆ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ 2 ਨਵੰਬਰ (ਦਵਿੰਦਰਪਾਲ ਸਿੰਘ):

ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਅਤੇ ਮੈਂਬਰ ਇੰਚਾਰਜ ਸਾਹਿਬਾਨ ਸ. ਇਕਬਾਲ ਸਿੰਘ ਲਾਲਪੁਰਾ (ਚੇਅਰਮੈਨ ਕੌਮੀ ਘੱਟ ਗਿਣਤੀ ਕਮਿਸ਼ਨ), ਡਾ. ਪ੍ਰਭਜੋਤ ਕੌਰ(ਰਿਟਾ. ਪ੍ਰਿੰਸੀਪਲ), ਸ. ਇੰਦਰਜੀਤ ਸਿੰਘ (ਉੱਘੇ ਸਮਾਜ ਸੇਵੀ), ਸ. ਗੁਰਮਿੰਦਰ ਸਿੰਘ ਭੁੱਲਰ(ਡਾਇਰੈਕਟਰ ਐਜੂਕੇਸ਼ਨ) ਜੀ ਦੀ ਯੋਗ ਅਗਵਾਈ ਹੇਠ ਚੱਲ ਰਹੇ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਦੇ ਵਿਦਿਆਰਥੀਆਂ ਨੂੰ ਵਿੱਦਿਅਕ ਟੂਰ ਤੇ ਲਿਜਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਇੰਚਾਰਜ ਗੁਰਿੰਦਰ ਕੌਰ ਨੇ ਦੱਸਿਆ ਕਿ ਐਲ ਕੇ ਜੀ ਤੋਂ ਚੌਥੀ ਜਮਾਤ ਤੱਥ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਦਾ ਵਿੱਦਿਅਕ ਟੂਰ ਨੰਗਲ ਦੇ ਸਤਲੁਜ ਪਾਰਕ ਦਾ ਲਗਾਇਆ ਗਿਆ ਜਿੱਥੇ ਵਿਦਿਆਰਥੀਆਂ ਨੂੰ ਮਨੋਰੰਜਕ ਖੇਡਾਂ ਕਰਵਾਈਆਂ ਗਈਆਂ ਅਤੇ ਵਿਦਿਆਰਥੀਆਂ ਨੇ ਝੂਲਿਆਂ ਦਾ ਵੀ ਆਨੰਦ ਮਾਣਿਆ। ਇਸ ਮੌਕੇ ਰਜਿੰਦਰ ਕੌਰ, ਕੰਵਲਜੀਤ ਕੌਰ, ਹਰਿੰਦਰ ਕੌਰ, ਜਸਪ੍ਰੀਤ ਕੌਰ, ਸਪਨਾ ਰਾਣੀ, ਸ਼ਾਂਤੀ ਦੇਵੀ, ਅਮਰਜੀਤ ਕੌਰ ਆਦਿ ਹਾਜ਼ਰ ਸਨ।

# ਸਿੱਧਵਾਂ ਨਹਿਰ ਉਪ ਮੰਡਲ ਲੁਧਿਆਣਾ ਅਧੀਨ ਪੈਂਦੀ ਸਿੱਧਵਾਂ ਬ੍ਰਾਂਚ ਨਹਿਰ 'ਚ ਮੱਛੀ ਫੜਨ ਦੀ ਬੋਲੀ 7 ਨਵੰਬਰ ਨੂੰ

ਲੋਕ ਬਾਣੀ/ ਲੁਧਿਆਣਾ, 02 ਨਵੰਬਰ (ਸੁਖਚੈਨ ਮਹਿਰਾ)

– ਉਪ ਮੰਡਲ ਅਫ਼ਸਰ ਵਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਸਿੱਧਵਾਂ ਨਹਿਰ ਉਪ ਮੰਡਲ ਲੁਧਿਆਣਾ ਅਧੀਨ ਪੈਂਦੀ ਸਿੱਧਵਾਂ ਬ੍ਰਾਂਚ ਨਹਿਰ 'ਤੇ ਮੱਛੀ ਫੜਨ ਦੀ ਬੋਲੀ 07 ਨਵੰਬਰ, 2023 ਨੂੰ ਸਵੇਰੇ 11:00 ਵਜੇ ਕਰਵਾਈ ਜਾਵੇਗੀ।

ਉਨ੍ਹਾਂ ਦੱਸਿਆ ਕਿ ਸਿੱਧਵਾਂ ਨਹਿਰ ਉਪ ਮੰਡਲ ਅਧੀਨ ਪੈਂਦੀ ਬ੍ਰਾਂਚ ਨਹਿਰ ਦੀ ਹਰ ਸਾਲ ਮੱਛੀ ਫੜਨ ਲਈ ਬੋਲੀ ਕਰਵਾਈ ਜਾਂਦੀ ਹੈ। ਇਹ ਬੋਲੀ 07 ਨਵੰਬਰ, 2023 ਨੂੰ ਉਪ ਮੰਡਲ ਦਫ਼ਤਰ ਸਿੱਧਵਾਂ ਨਹਿਰ ਉਪ ਮੰਡਲ ਲੁਧਿਆਣਾ ਵਿੱਚ ਕਾਰਜ਼ਕਾਰੀ ਇੰਜੀਨੀਅਰ ਸਿੱਧਵਾਂ ਨਹਿਰ ਵੱਲੋਂ ਗਠਿਤ ਕੀਤੀ ਗਈ ਕਮੇਟੀ ਦੀ ਹਾਜ਼ਰੀ ਵਿੱਚ ਕੀਤੀ ਜਾਵੇਗੀ ਅਤੇ ਇਸ ਦੀ ਦੀ ਮਿਆਦ 01-11-2023 ਤੋਂ 31-10-2024 ਤੱਕ ਹੋਵੇਗੀ। ਉਪ ਮੰਡਲ ਅਫ਼ਸਰ ਨੇ ਸਾਖਾ ਦਾ ਵੇਰਵਾ ਸਾਂਝਾ ਕਰਦਿਆਂ ਦੱਸਿਆ ਕਿ ਸਿੱਧਵਾਂ ਮੇਨ ਬ੍ਰਾਂਚ, ਬੁਰਜੀ 2,000 ਤੋਂ 2,38,000 ਤੱਕ ਹੈ। ਬੋਲੀ ਦੀਆਂ ਸ਼ਰਤਾਂ ਸਬੰਧੀ ਉਨ੍ਹਾਂ ਦੱਸਿਆ ਕਿ ਬੋਲੀ ਮਨਜ਼ੂਰ ਕਰਨ ਦਾ ਅਧਿਕਾਰ ਕਾਰਜਕਾਰੀ ਇੰਜੀਨੀਅਰ ਸਿੱਧਵਾਂ ਨਹਿਰ ਮੰਡਲ, ਲੁਧਿਆਣਾ ਕੋਲ ਹੈ, ਸਫਲ ਬੋਲੀਕਾਰ ਤੇ ਬੋਲੀ ਦੀ ਰਕਮ ਮੌਕੇ 'ਤੇ ਹੀ ਜਮ੍ਹਾ ਕਰਵਾ ਲਈ ਜਾਵੇਗੀ, ਜੇਕਰ ਅਜਿਹਾ ਨਹੀਂ ਕੀਤਾ ਜਾਂਦਾ ਤਾਂ ਬੋਲੀ ਰੱਦ ਸਮਝੀ ਜਾਵੇਗੀ। ਉਨ੍ਹਾਂ ਦੱਸਿਆ ਕਿ ਬੋਲੀ ਉਪਰੋਕਤ ਰੀਚਾ ਅਨੁਸਾਰ ਹੋਵੇਗੀ ਅਤੇ ਸਫਲ ਬੋਲੀਕਾਰ ਨੂੰ ਆਪਣੀ ਸਫਲ ਬੋਲੀ ਤੇ ਲਈ ਰੀਚ ਵਿੱਚੋਂ ਹੀ ਮੱਛੀਆਂ ਫੜਨ ਦਾ ਅਧਿਕਾਰ ਹੋਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਮਹੀਨਾ ਜੁਲਾਈ ਅਤੇ ਅਗਸਤ ਵਿੱਚ ਮੱਛੀ ਫੜਨ ਦੀ ਮਨਾਹੀ ਹੈ।

ਬੋਲੀਕਾਰ ਨੂੰ ਮੱਛੀ ਫੜਨ ਲਈ ਜਹਿਰੀਲੀ ਦਵਾਈ ਜਾਂ ਬਿਜਲੀ ਦਾ ਕਰੰਟ ਵਰਤਣ ਦੀ ਮਨਾਹੀ ਹੋਵੇਗੀ। ਬੋਲੀਕਾਰ ਮੱਛੀ ਫੜਨ ਸਮੇਂ ਨਹਿਰ/ਬਰਾਂਚ ਨੂੰ ਕੋਈ ਨੁਕਸਾਨ ਨਹੀਂ ਪਹੁੰਚਾਏਗਾ ਅਤੇ ਨਾ ਹੀ ਮਨਾਹੀ ਵਾਲੇ ਏਰੀਏ ਵਿੱਚ ਮੱਛੀ ਫੜੇਗਾ। ਇਸ ਤੋਂ ਇਲਾਵਾ ਬੋਲੀਕਾਰ ਆਪਣੇ ਨਾਲ ਆਪਣੇ ਅਸਲ ਆਈ.ਡੀ. ਪਰੂਫ ਅਤੇ ਉਸ ਦੀ ਕਾਪੀ ਨਾਲ ਲੈ ਕੇ ਆਉਣ।



# ਕੰਨਿਆ ਸਕੂਲ ਦੀਆਂ ਵਿਦਿਆਰਥਣਾਂ ਨੇ ਸਕੂਲ ਦਾ ਨਾਂ ਕੀਤਾ ਰੌਸ਼ਨ

ਲੋਕ ਬਾਣੀ/ ਸ਼੍ਰੀ ਅਨੰਦਪੁਰ ਸਾਹਿਬ 2 ਨਵੰਬਰ (ਦਵਿੰਦਰਪਾਲ ਸਿੰਘ):

67ਵੀ ਜਿਲ੍ਹਾ ਪੱਧਰੀ ਟੂਰਨਾਮੈਂਟ ਵਿੱਚ ਸਰਕਾਰੀ ਕੰਨਿਆ ਸੀਨੀਅਰ ਸੈਕੈਂਡਰੀ ਸਕੂਲ ਸ਼੍ਰੀ ਅਨੰਦਪੁਰ ਸਾਹਿਬ ਦੀਆਂ ਕਬੱਡੀ ਅੰਡਰ 14 ਦੀਆਂ ਵਿਦਿਆਰਥਣਾਂ ਨੇ ਪਹਿਲਾ ਸਥਾਨ ਹਾਸਿਲ ਕੀਤਾ। ਇਸ ਤੋਂ ਇਲਾਵਾ ਅੰਡਰ 17 ਵਾਲੀਬਾਲ ਵਿੱਚ ਪਹਿਲਾ ਸਥਾਨ,ਅੰਡਰ 19 ਵਾਲੀਬਾਲ ਵਿਚ ਦੂਸਰਾ ਸਥਾਨ, ਅੰਡਰ 17 ਕਬੱਡੀ ਵਿੱਚ ਦੂਸਰਾ ਸਥਾਨ ਹਾਸਿਲ ਕੀਤਾ. ਪ੍ਰਿੰਸੀਪਲ ਸ਼੍ਰੀ ਨੀਰਜ ਕੁਮਾਰ ਵਰਮਾ ਤੇ ਸਮੂਹ ਸਟਾਫ ਨੇ ਪੀਟੀਆਈ ਸ੍ਰੀ ਅਸ਼ੋਕ ਕੁਮਾਰ ਅਤੇ ਸ਼੍ਰੀਮਤੀ ਸੁਮਨ ਚਾਦਲਾ ਅਤੇ ਖਿਡਾਰਨਾ ਨੂੰ ਮੁਬਾਰਕਾਂ ਦਿੱਤੀਆਂ।

# ਪਾਇਲ ਦੇ ਨਵੇਂ ਐੱਸ.ਡੀ.ਐਮ ਡਾ. ਪੂਨਮਪਰੀਤ ਕੌਰ ਨੇ ਅਹੁਦਾ ਸੰਭਾਲਿਆ

ਲੋਕ ਬਾਣੀ/ ਪਾਇਲ ਲੁਧਿਆਣਾ , ਨਵੰਬਰ 2 (ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ)

ਸਬ ਡਵੀਜਨਲ ਪਾਇਲ ਦੇ ਐੱਸ.ਡੀ.ਐਮ ਜਸਲੀਨ ਕੌਰ ਭੁੱਲਰ ਦੀ ਬਦਲੀ ਹੋ ਜਾਣ ਬਾਅਦ ਨਿਯੁਕਤ ਕੀਤੇ ਨਵੇਂ ਐੱਸ.ਡੀ.ਐਮ ਡਾ.ਪੂਨਮ ਪ੍ਰੀਤ ਕੌਰ ਨੇ ਅਹੁਦਾ ਸੰਭਾਲ ਲਿਆ ਹੈ । ਇਸ ਮੌਕੇ ਤਹਿਸੀਲ ਦੇ ਸਮੂਹ ਸਟਾਫ ਨੇ ਨਵੀਂ ਐੱਸ .ਡੀ.ਐਮ ਨੂੰ ਜੀ ਆਇਆ ਕਿਹਾ ਤੇ ਫੁੱਲਾਂ ਦੇ ਗੁਲਦਸਤੇ ਕਰਕੇ ਸਨਮਾਨਿਤ ਕੀਤਾ ਗਿਆ । ਐਸ.ਡੀ.ਐਮ ਪੂਨਮ ਪ੍ਰੀਤ ਕੌਰ ਨੇ ਇਸ ਤੋਂ ਪਹਿਲਾ ਲੁਧਿਆਣਾ ਵਿਖੇ ਆਰ .ਟੀ.ਏ ਵਜੋਂ ਆਪਣੀਆਂ ਸੇਵਾਵਾਂ ਨਿਭਾ ਰਹੇ ਸਨ । ਐੱਸ.ਡੀ.ਐਮ ਪੂਨਮ ਪ੍ਰੀਤ ਕੌਰ ਨੇ ਚਾਰਜ ਸੰਭਾਲਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਉਨ੍ਹਾਂ ਦੀ ਪਹਿਲ ਐੱਸ.ਡੀ.ਐਮ ਦਫ਼ਤਰ ਵਿਖੇ



ਕੰਮ ਕਰਵਾਉਣ ਆਉਣ ਵਾਲੇ ਲੋਕਾਂ ਨੂੰ ਬਿਨਾ ਕਿਸੇ ਖੱਜਲਖੁਆਰੀ ਦੇ ਕੰਮ ਕਰਵਾਉਣਾ ਹੋਵੇਗਾ । ਉਨ੍ਹਾਂ ਕਿਹਾ ਕਿ ਇਸ ਤੋਂ ਇਲ਼ਾਵਾ ਸੇਵਾ ਕੇਂਦਰ ਅਤੇ ਫਰਦ ਕੇਂਦਰ ਵਿਖੇ ਕਿਸੇ ਵੀ ਵਿਆਕਤੀ ਨੂੰ ਕੰਮ ਕਰਵਾਉਣ ਲਈ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ ਤੇ ਸਾਰੇ ਲੋਕਾਂ ਨੂੰ ਇਨਸਾਫ ਦਿੱਤਾ ਜਾਵੇਗਾ । ਉਨ੍ਹਾਂ ਕਿਹਾ ਕਿ ਰਿਸ਼ਵਖੋਰੀ ਲਈ ਪੰਜਾਬ ਸਰਕਾਰ ਦੀ ਜੀਰੋ ਟਾਲਰੈਂਸ ਦੀ ਨੀਤੀ ਤੇ ਅਮਲ ਕੀਤਾ ਜਾਵੇਗਾ । ਚਾਰਜ ਸੰਭਾਲਣ ਉਪਰੰਤ ਉਨ੍ਹਾਂ ਵੱਲੋ ਪਾਇਲ਼ ਦੇ ਸੇਵਾ ਕੇਂਦਰ ਅਤੇ ਫ਼ਰਦ ਕੇਂਦਰ ਦੀ ਚੈਕਿੰਗ ਵੀ ਕੀਤੀ ਗਈ ਅਤੇ ਉਨ੍ਹਾਂ ਨੂੰ ਬਿਨਾ ਕਿਸੇ ਪਰੇਸ਼ਾਨੀ ਦੇ ਲੋਕਾਂ ਦਾ ਕੰਮਕਾਜ ਸਮੇਂ ਸਿਰ ਕਰਕੇ ਦੇਣ ਦੀਆਂ ਹਿਦਾਇਤਾਂ ਵੀ ਕੀਤੀਆਂ ।




ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖ਼ਬਰਾਂ, ਰਿਪੋਰਟਾਂ , ਲੇਖ , ਕਹਾਣੀਆਂ , ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ ਸੂਚਨਾ , ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਅਖਬਾਰ ਇੰਨਾਂ ਨੂੰ ਤਸਦੀਕ ਨਹੀਂ ਕਰਦਾ । ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ ਕਿ ਉਹ ਇੰਨਾਂ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀ ਕਰ ਲੈਣ । ਰੋਜ਼ਾਨਾ ਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ , ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ । ਖਬਰਾਂ ਪ੍ਰਤੀ ਜਿੰਮੇਵਾਰੀ ਸਬੰਧਤ ਪੱਤਰਕਾਰ ਦੀ ਹੋਵੇਗੀ ।

Daily Lok Bani (Punjabi) R.N.I. Punpun 29016 , 2008 Editor,Onwer , Printer, Publisher , Amandeep Mehra ,Printed at Rachna Printers , Railway Road Jalandhar Place of Publication : 308 Sangam Complex Milap Chowk , Jalandhar (India) , Contact No. : 0181-2211009 , Fax : 2211009 , Email Id : lokbani08@gmail.com